ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 8 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੨੫ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਛੇ-ਮੰਜ਼ਿਲਾ ਇਮਾਰਤ ਡਿੱਗਣ ਕਾਰਨ 7 ਲੋਕਾਂ ਦੀ ਮੌਤ, ਰਾਤ ਭਰ ਜਾਰੀ ਰਿਹਾ ਬਚਾਅ ਕਾਰਜ



ਸੂਰਤ,7 ਜੁਲਾਈ (ਆਵਾਜ਼ਿ ਕੌਮ ਬਿਊਰੋ)-ਸੂਰਤ ਦੇ ਸਚਿਨ ਪਾਲੀ ਪਿੰਡ ਵਿੱਚ ਸ਼ਨੀਵਾਰ (6 ਜੁਲਾਈ) ਨੂੰ ਇੱਕ ਦਰਦਨਾਕ ਹਾਦਸਾ ਵਾਪਰਿਆ। ਇੱਥੇ ਇੱਕ ਛੇ ਮੰਜ਼ਿਲਾ ਇਮਾਰਤ ਡਿੱਗ ਗਈ, ਜਿਸ ਕਾਰਨ ਕਈ ਲੋਕ ਮਲਬੇ ਹੇਠਾਂ ਦੱਬ ਗਏ। ਫਾਇਰ ਬ੍ਰਿਗੇਡ ਅਤੇ ਪੁਲਸ ਦੀਆਂ ਟੀਮਾਂ ਨੇ ਮੌਕੇ 'ਤੇ ਪਹੁੰਚ ਕੇ ਰਾਤ ਭਰ ਬਚਾਅ ਕਾਰਜ ਚਲਾਇਆ। ਇਸ ਦੌਰਾਨ ਸੂਰਤ ਦੇ ਚੀਫ਼ ਫਾਇਰ ਅਫ਼ਸਰ ਬਸੰਤ ਪਾਰੀਕ ਨੇ ਦੱਸਿਆ ਕਿ ਰਾਤ ਭਰ ਚੱਲੇ ਸਰਚ ਆਪਰੇਸ਼ਨ ਵਿੱਚ ਸੱਤ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਪੁਲਿਸ ਨੇ ਦੱਸਿਆ ਕਿ ਬਚਾਅ ਕਾਰਜ ਜਾਰੀ ਹੈ, ਅਜੇ ਵੀ ਕਈ ਲੋਕਾਂ ਦੇ ਅੰਦਰ ਫਸੇ ਹੋਣ ਦੀ ਸੰਭਾਵਨਾ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਇੱਕ ਪੁਰਾਣੀ ਇਮਾਰਤ ਸੀ, ਜੋ ਅਚਾਨਕ ਢਹਿ-ਢੇਰੀ ਹੋ ਗਈ ਸੀ। ਇਸ ਛੇ ਮੰਜ਼ਿਲਾ ਇਮਾਰਤ ਵਿੱਚ 35 ਕਮਰੇ ਸਨ, ਜਿਨ੍ਹਾਂ ਵਿੱਚ ਪੰਜ ਤੋਂ ਸੱਤ ਪਰਿਵਾਰ ਆਪਣੀ ਜਾਨ ਜੋਖ਼ਮ ਵਿੱਚ ਪਾ ਕੇ ਰਹਿ ਰਹੇ ਸਨ। ਜਾਣਕਾਰੀ ਅਨੁਸਾਰ ਇਸ ਪੂਰੀ ਇਮਾਰਤ ਦੀ ਮਾਲਕ ਇੱਕ ਵਿਦੇਸ਼ੀ ਔਰਤ ਬਾਕੀ ਸਫ਼ਾ-2 'ਤੇ

## ਦੋ ਧੀਆਂ ਦੇ ਪਿਓ ਦੀ ਮੈਲਬਰਨ ਤੋਂ ਸਿਡਨੀ ਜਾਂਦਿਆ ਐਕਸੀਡੈਂਟ ਦੌਰਾਨ ਹੋਈ ਦੁਖਦਾਈ ਮੌਤ

### ਅਜਨਾਲਾ ਦੇ ਪਿੰਡ 'ਚ ਸੋਗ ਦੀ ਲਹਿਰ



ਅੰਮ੍ਰਿਤਸਰ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)- ਆਸਟ੍ਰੇਲੀਆ ਤੋਂ ਬੇਹੱਦ ਦੀ ਦੁਖਦਾਇਕ ਖਬਰ ਸਾਹਮਣੇ ਆਈ ਹੈ। ਮਿਲੀ ਜਾਣਕਾਰੀ ਅਨੁਸਾਰ ਅੰਮ੍ਰਿਤਸਰ ਦੀ ਤਹਿਸੀਲ ਅਜਨਾਲਾ ਦੇ ਪਿੰਡ ਗੱਗੋਮਾਹਲ ਦੇ ਅਵਿੰਦਰ ਸਿੰਘ ਦੀ ਆਸਟ੍ਰੇਲੀਆ ਦੇ ਸ਼ਹਿਰ ਸਿਡਨੀ ਵਿਖੇ ਇੱਕ ਹਾਦਸੇ ਦੌਰਾਨ ਮੌਤ ਹੋ ਗਈ ਹੈ। ਜਿਸ ਤੋਂ ਬਾਅਦ ਪੂਰੇ ਪਿੰਡ 'ਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਪਰਿਵਾਰ ਅਤੇ ਰਿਸ਼ਤੇਦਾਰ ਦਾ ਰੋ-ਰੋ ਬੁਰਾ ਹਾਲ ਹੋਇਆ ਪਿਆ ਹੈ। ਉਥੇ ਹੀ ਸਰਕਾਰ ਕੋਲੋਂ ਆਪਣੇ ਨੌਜਵਾਨ ਪੁੱਤ ਅਰਵਿੰਦਰ ਸਿੰਘ ਦੀ ਲਾਸ਼ ਨੂੰ ਭਾਰਤ ਲਿਆਉਣ ਦੀ ਮੰਗ ਕੀਤੀ ਜਾ ਰਹੀ ਹੈ ਤਾਂ ਜੋ ਪੰਜਾਬ ਦੇ ਵਿੱਚ ਅੰਤਿਮ ਸੰਸਕਾਰ ਕੀਤਾ ਜਾ ਸਕੇ। ਇਸ ਸੰਬੰਧੀ ਮ੍ਰਿਤਕ ਅਵਰਿੰਦਰ ਸਿੰਘ (31) ਦੇ ਪਿਤਾ ਨਿਰਮਲ ਸਿੰਘ ਅਤੇ ਹੋਰਨਾਂ ਪਰਿਵਾਰਿਕ ਮੈਂਬਰਾਂ ਨੇ ਦੱਸਿਆ ਕਿ ਅਵਰਿੰਦਰ ਦਾ 2015 ਵਿੱਚ ਵਿਆਹ ਹੋਇਆ ਸੀ ਅਤੇ 2016 ਵਿੱਚ ਉਹ ਆਪਣੀ ਪਤਨੀ ਨਾਲ ਆਸਟ੍ਰੇਲੀਆ ਦੇ ਸ਼ਹਿਰ ਮੈਲਬਰਨ ਚਲਾ ਗਿਆ ਸੀ। ਇਸ ਤੋਂ ਬਾਅਦ 7 ਸਾਲ ਬਾਅਦ ਬਾਕੀ ਸਫ਼ਾ-2 'ਤੇ



### ਸਾਈਬਰ ਹਮਲੇ ਦਾ ਇੱਕ ਵੱਡਾ ਮਾਮਲਾ ਆਇਆ ਸਾਹਮਣੇ

# ਸਾਵਧਾਨ ! 995 ਕਰੋੜ ਪਾਸਵਰਡ ਹੈਕ, ਮਸ਼ਹੂਰ ਹਸਤੀਆਂ ਦੇ ਡਿਟੇਲਸ ਵੀ ਲੀਕ

### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਜਲੰਧਰ, 7 ਜੁਲਾਈ : ਸਾਈਬਰ ਹਮਲੇ ਦਾ ਇੱਕ ਵੱਡਾ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿੱਚ ਹੈਕਰਾਂ ਨੇ 995 ਕਰੋੜ ਪਾਸਵਰਡ ਚੋਰੀ ਕਰ ਲਏ ਹਨ, ਜਿਸ ਨੂੰ ਹੁਣ ਤੱਕ ਦਾ ਸਭ ਤੋਂ ਵੱਡਾ ਡੇਟਾ ਲੀਕ ਮੰਨਿਆ ਜਾਂਦਾ ਹੈ। ਇਸ ਘਟਨਾ ਨੇ ਸਾਈਬਰ ਸੁਰੱਖਿਆ ਦੀਆਂ ਕਮਜ਼ੋਰੀਆਂ ਨੂੰ ਉਜਾਗਰ ਕੀਤਾ ਹੈ ਅਤੇ ਲੋਕਾਂ ਦੀ ਨਿੱਜੀ ਜਾਣਕਾਰੀ ਨੂੰ ਖਤਰੇ ਵਿੱਚ ਪਾ ਦਿੱਤਾ ਹੈ। ਫੋਰਬਸ ਦੀ ਰਿਪੋਰਟ ਮੁਤਾਬਕ ਓਬਾਮਾਕੇਅਰ ਨਾਮ ਦੀ ਹੈਕਰ ਟੀਮ ਨੇ 995 ਕਰੋੜ ਪਾਸਵਰਡ ਲੀਕ ਕੀਤੇ ਹਨ। ਇਹ ਜਾਣਕਾਰੀ **Rockyou**2024 ਨਾਮ ਦੀ ਇੱਕ ਰਿਪੋਰਟ ਵਿੱਚ ਸਾਹਮਣੇ ਆਈ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਇਹ ਡੇਟਾ ਲੀਕ ਆਨਲਾਈਨ ਸੇਵਾਵਾਂ ਲਈ ਵਰਤੇ ਜਾਣ ਵਾਲੇ ਪਾਸਵਰਡਾਂ ਦਾ ਸਭ ਤੋਂ ਵੱਡਾ ਗਰੁੱਪ ਹੈ। ਰਿਪੋਰਟ ਵਿੱਚ ਇਹ ਵੀ ਖੁਲਾਸਾ ਹੋਇਆ ਹੈ ਕਿ ਇਸ ਲੀਕ ਵਿੱਚ ਕਈ ਮਸ਼ਹੂਰ ਹਸਤੀਆਂ ਦੀ ਨਿੱਜੀ ਜਾਣਕਾਰੀ ਵੀ ਸ਼ਾਮਲ ਹੈ। ਹੈਕਰਾਂ ਨੇ ਗੈਰ-ਕਾਨੂੰਨੀ ਤੌਰ 'ਤੇ ਕਈ ਔਨਲਾਈਨ ਖਾਤਿਆਂ ਤੱਕ ਪਹੁੰਚ ਕੀਤੀ ਅਤੇ ਪਾਸਵਰਡ ਅਤੇ ਹੋਰ ਨਿੱਜੀ ਜਾਣਕਾਰੀ ਚੋਰੀ ਕੀਤੀ। ਇਸ ਲੀਕ ਨੇ ਆਮ ਲੋਕਾਂ ਦੇ ਨਾਲ-ਨਾਲ ਕਈ ਕਰਮਚਾਰੀਆਂ ਦੀ ਵੀ ਜਾਣਕਾਰੀ ਜਨਤਕ ਕੀਤੀ ਹੈ। ਪਾਸਵਰਡ ਤੋਂ ਇਲਾਵਾ, ਇਸ ਡੇਟਾ ਲੀਕ ਵਿੱਚ ਈਮੇਲ ਪਤੇ ਅਤੇ ਲੌਗਇਨ ਜਾਣਕਾਰੀ ਵੀ ਸ਼ਾਮਲ ਹੈ। ਇਸਦਾ ਮਤਲਬ ਹੈ ਕਿ ਹੈਕਰ ਕਿਸੇ ਵਿਅਕਤੀ ਦੀ ਪਛਾਣ ਚੋਰੀ ਕਰਨ ਜਾਂ ਧੋਖਾਧੜੀ ਕਰਨ ਲਈ ਇਸ ਜਾਣਕਾਰੀ ਦੀ ਦੁਰਵਰਤੋਂ ਕਰ ਸਕਦੇ ਹਨ। ਇਹ ਘਟਨਾ ਦੱਸਦੀ ਹੈ ਕਿ ਸਾਡਾ ਨਿੱਜੀ ਡੇਟਾ ਕਿੰਨਾ ਅਸੁਰੱਖਿਅਤ ਹੈ। ਸਾਈਬਰ ਸੁਰੱਖਿਆ ਦੀ ਇਸ ਵੱਡੀ ਘਟਨਾ ਤੋਂ ਬਾਅਦ, ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ) ਨੇ ਸਾਰੇ ਉੱਚ ਸਿੱਖਿਆ ਸੰਸਥਾਵਾਂ ਤੋਂ ਸਾਈਬਰ ਸੁਰੱਖਿਆ ਦਾ ਧਿਆਨ ਰੱਖਣ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਮੰਗੀ ਬਾਕੀ ਸਫ਼ਾ-2 'ਤੇ

## ਸਾਕਾ ਨੀਲਾ ਤਾਰਾ ਦੇ ਜਸ਼ਨ ਮਨਾਉਣ ਤੇ ਲੱਡੂ ਵੰਡਣ ਕਰਕੇ ਹੋਇਆ ਸ਼ਿਵ ਸੈਨਾ ਲੀਡਰ 'ਤੇ ਹਮਲਾ !





**ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸ਼ਿਵ ਸੈਨਾ ਲੀਡਰ ਸੰਦੀਪ ਥਾਪਰ 'ਤੇ ਹਮਲੇ ਦਾ ਮਾਮਲਾ ਗਰਮਾਇਆ ਹੋਇਆ ਹੈ। ਬੀਜੇਪੀ ਇਸ ਮੁੱਦੇ ਉਪਰ ਸੱਤਾਧਿਰ ਆਮ ਆਦਮੀ ਪਾਰਟੀ ਨੂੰ ਘੇਰ ਰਹੀ ਹੈ ਪਰ 'ਆਪ' ਦੇ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਕਿਹਾ ਹੈ ਕਿ ਸ਼ਿਵ ਸੈਨਾ ਆਗੂ ਨੂੰ ਸਾਕਾ ਨੀਲਾ ਤਾਰਾ ਦੇ ਜਸ਼ਨ ਮਨਾਉਂਦੇ ਸਮੇਂ ਸੰਜਮ ਵਰਤਣਾ ਚਾਹੀਦਾ ਸੀ। ਵਿਕਰਮਜੀਤ ਸਾਹਨੀ ਨੇ ਸੰਦੀਪ ਥਾਪਰ 'ਤੇ ਹਮਲੇ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਸ਼ਿਵ ਸੈਨਾ ਆਗੂ ਨੂੰ ਸਾਕਾ ਨੀਲਾ ਤਾਰਾ ਦੇ ਜਸ਼ਨ ਮਨਾਉਂਦੇ ਸਮੇਂ ਸੰਜਮ ਵਰਤਣਾ ਚਾਹੀਦਾ ਸੀ। ਐਕਸ 'ਤੇ ਆਪ' ਸੰਸਦ ਮੈਂਬਰ ਨੇ ਕਿਹਾ ਕਿ ਅਸੀਂ ਕਿਸੇ ਵੀ ਵਿਅਕਤੀ ਖ਼ਿਲਾਫ਼ ਹਿੰਸਾ ਦੀ ਸਖ਼ਤ ਨਿੰਦਾ ਕਰਦੇ ਹਾਂ ਪਰ ਸੰਦੀਪ ਥਾਪਰ ਨੂੰ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਨਹੀਂ ਪਹੁੰਚਾਉਣੀ ਚਾਹੀਦੀ ਸੀ ਤੇ ਸੰਜਮ ਵਰਤਣਾ ਚਾਹੀਦਾ ਸੀ। ਉਨ੍ਹਾਂ ਨੇ ਅੱਗੇ ਲਿਖਿਆ 6 ਜੂਨ, ਬਲੂਸਟਾਰ ਮਨਾਉਣਾ ਤੇ ਲੱਡੂ ਵੰਡਣਾ ਸਿੱਖ ਭਾਵਨਾਵਾਂ ਨਾਲ ਖਿਲਵਾੜ ਹੈ। ਉਸ ਨੇ ਪਿਛਲੇ ਸਾਲ ਜਦੋਂ ਪੂਰਾ ਸੂਬਾ ਬਾਕੀ ਸਫ਼ਾ-2 'ਤੇ

### ਹਿਮਾਚਲ ਪ੍ਰਦੇਸ਼ 'ਚ ਲਗਾਤਾਰ ਹੋ ਰਹੀ ਬਾਰਸ਼ ਕਰਕੇ ਨੱਕੋ-ਨੱਕ ਭਰੇ ਡੈਮ

# ਬਿਆਸ ਕੰਢੇ ਵੱਸੇ ਪਿੰਡਾਂ ਲਈ ALERT



- ਹਿਮਾਚਲ ਪ੍ਰਦੇਸ਼ ਵਿੱਚ ਹੋ ਰਹੀ ਭਾਰੀ ਬਾਰਸ਼ ਨਾਲ ਨਦੀਆਂ ਵਿੱਚ ਪਾਣੀ ਦਾ ਪੱਧਰ ਵਧ ਗਿਆ ਹੈ। ਇਸ ਕਰਕੇ ਬਿਆਸ ਤੇ ਸੱਤਲੁਜ ਦਰਿਆਵਾਂ ਵਿੱਚ ਪਾਣੀ ਦਾ ਲੈਵਲ ਵਧ ਸਕਦਾ ਹੈ..

ਚੰਡੀਗੜ੍ਹ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਦੇ ਨਾਲ ਹੀ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਵਿੱਚ ਬਾਰਸ਼ ਦਾ ਦੌਰ ਜਾਰੀ ਹੈ। ਪੰਜਾਬ ਵਿੱਚ ਕਈ ਇਲਾਕਿਆਂ ਅੰਦਰ ਪਾਣੀ ਭਰਨ ਦੀਆਂ ਖਬਰਾਂ ਹਨ। ਮੌਸਮ ਵਿਭਾਗ ਨੇ ਅਗਲੇ ਦਿਨਾਂ ਅੰਦਰ ਵੀ ਬਾਰਸ਼ ਦਾ ਅਲਰਟ ਜਾਰੀ ਕੀਤਾ ਹੈ। ਉਧਰ ਹਿਮਾਚਲ ਪ੍ਰਦੇਸ਼ ਵਿੱਚ ਹੋ ਰਹੀ ਭਾਰੀ ਬਾਰਸ਼ ਨਾਲ ਨਦੀਆਂ ਵਿੱਚ ਪਾਣੀ ਦਾ ਪੱਧਰ ਵਧ ਗਿਆ ਹੈ। ਇਸ ਕਰਕੇ ਬਿਆਸ ਤੇ ਸੱਤਲੁਜ ਦਰਿਆਵਾਂ ਵਿੱਚ ਪਾਣੀ ਦਾ ਲੈਵਲ ਵਧ ਸਕਦਾ ਹੈ। ਹਾਸਲ ਜਾਣਕਾਰੀ ਮੁਤਾਬਕ ਹਿਮਾਚਲ ਦੇ ਮੰਡੀ ਜ਼ਿਲ੍ਹੇ ਵਿੱਚ ਭਾਰੀ ਮੀਂਹ ਜਾਰੀ ਹੈ। ਇਸ ਕਾਰਨ ਬਿਆਸ ਦਰਿਆ ਵਿੱਚ ਪਾਣੀ ਦੀ ਆਮਦ ਵਧ ਗਈ ਹੈ। ਲਾਰਜੀ ਡੈਮ ਤੋਂ ਪਾਣੀ ਛੱਡਣ ਮਗਰੋਂ ਡੋਹ ਡੈਮ ਵੀ ਪਾਣੀ ਨਾਲ ਪੂਰੀ ਤਰ੍ਹਾਂ ਭਰ ਗਿਆ ਹੈ। ਪੰਡੋਹ ਡੈਮ ਵਿੱਚ ਪੁੱਜ ਰਹੇ ਪਾਣੀ ਦੇ ਹਿਸਾਬ ਨਾਲ ਪਾਣੀ ਅੱਗੇ ਛੱਡਿਆ ਜਾ ਰਿਹਾ ਹੈ। ਬਿਆਸ ਦਰਿਆ ਦੇ ਪਾਣੀ ਦਾ ਪੱਧਰ ਵਧਣ ਤੋਂ ਬਾਅਦ ਸੁਕੇਤੀ ਖੱਡ ਤੇ ਬਿਆਸ ਦਰਿਆ ਦੇ ਸੰਗਮ 'ਤੇ ਪਾਣੀ ਦਾ ਪੱਧਰ ਪੰਚਵਕਤ ਮਹਾਦੇਵ ਮੰਦਰ ਦੀਆਂ ਪੌੜੀਆਂ ਤੱਕ ਪਹੁੰਚ ਗਿਆ ਹੈ। ਬੀਬੀਐਮਬੀ ਮੈਨੇਜਮੈਂਟ ਅਨੁਸਾਰ ਪੰਡੋਹ ਡੈਮ ਵਿੱਚ ਪਾਣੀ ਦੀ ਆਮਦ ਬਾਕੀ ਸਫ਼ਾ-2 'ਤੇ

## ਪੰਜਾਬ 'ਚ ਮੌਸਮ ਵਿਭਾਗ ਨੇ ਦਿੱਤੀ ਚੇਤਾਵਨੀ, ਕਈ ਜ਼ਿਲ੍ਹਿਆਂ 'ਚ ਭਾਰੀ ਮੀਂਹ ਨਾਲ ਚੱਲਣਗੀਆਂ ਤੇਜ਼ ਹਵਾਵਾਂ, ਅਲਰਟ ਜਾਰੀ

ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਮੀਂਹ ਕਾਰਨ ਵੱਧ ਤੋਂ ਵੱਧ ਤਾਪਮਾਨ ਵਿੱਚ 2.6 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਇਸ ਦੇ ਨਾਲ ਹੀ ਇਹ ਆਮ ਤਾਪਮਾਨ ਨਾਲੋਂ 4.5 ਡਿਗਰੀ ਘੱਟ ਦਰਜ ਕੀਤਾ ਗਿਆ ਹੈ। ਅਬੋਹਰ ਵਿੱਚ ਸਭ ਤੋਂ ਵੱਧ ਤਾਪਮਾਨ 37.7 ਡਿਗਰੀ ਦਰਜ ਕੀਤਾ ਗਿਆ ਹੈ। ਜਿਸ ਕਾਰਨ ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੀ ਹੈ। ਮੌਸਮ ਵਿਭਾਗ ਨੇ ਅੱਜ ਸਵੇਰੇ 9 ਵਜੇ ਤੱਕ ਬੁਢਲਾਡਾ, ਸਰਦੂਲਗੜ੍ਹ, ਲਹਿਰਾ, ਮਾਨਸਾ, ਸੁਨਾਮ, ਮੂਨਕ, ਤਲਬੰਡੀ ਸਾਬੋ ਵਿੱਚ ਦਰਮਿਆਨੀ ਬਾਰਿਸ਼ ਦਾ ਅਲਰਟ ਜਾਰੀ ਕੀਤਾ ਹੈ। ਇਸ ਦੌਰਾਨ 30 ਤੋਂ 40 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ ਅਤੇ ਬਿਜਲੀ ਬਾਕੀ ਸਫ਼ਾ-2 'ਤੇ

### ਏਸ਼ੀਆ ਕੱਪ ਲਈ ਭਾਰਤੀ ਮਹਿਲਾ ਟੀਮ ਦਾ ਐਲਾਨ

## ਟੀਮ ਦੀ ਕਮਾਨ ਪੰਜਾਬਣ ਦੇ ਹੱਥ, 15 ਖਿਡਾਰੀਆਂ ਨੂੰ ਮਿਲਿਆ ਮੌਕਾ



ਮੁੰਬਈ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)-ਭਾਰਤੀ ਮਹਿਲਾ ਕ੍ਰਿਕਟ ਟੀਮ ਇੱਕ ਵਾਰ ਫਿਰ ਏਸ਼ੀਆ ਕੱਪ 'ਚ ਆਪਣਾ ਦਬਦਬਾ ਕਾਇਮ ਰੱਖਣ ਲਈ ਮੈਦਾਨ ਵਿੱਚ ਉਤਰੇਗੀ। ਬੀਸੀਸੀਆਈ ਨੇ 19 ਜੁਲਾਈ ਤੋਂ ਸ਼ੁਰੂ ਹੋਣ ਵਾਲੇ ਇਸ ਟੂਰਨਾਮੈਂਟ ਲਈ ਭਾਰਤੀ ਟੀਮ ਦਾ ਐਲਾਨ ਕਰ ਦਿੱਤਾ ਹੈ। ਪੰਜਾਬੀ ਖਿਡਾਰਨ ਹਰਮਨਪ੍ਰੀਤ ਕੌਰ ਸ਼੍ਰੀਲੰਕਾ 'ਚ ਹੋਣ ਵਾਲੇ ਮਹਿਲਾ ਟੀ-20 ਏਸ਼ੀਆ ਕੱਪ ਲਈ 15 ਮੈਂਬਰੀ ਭਾਰਤੀ ਟੀਮ ਦੀ ਅਗਵਾਈ ਕਰੇਗੀ। ਭਾਰਤ ਨੇ ਇਹ ਖਿਤਾਬ 7 ਵਾਰ ਜਿੱਤਿਆ ਹੈ। ਟੀਮ ਇੰਡੀਆ ਦੀ ਨਜ਼ਰ 8ਵੀਂ ਵਾਰ ਏਸ਼ੀਆ ਕੱਪ ਜਿੱਤਣ 'ਤੇ ਹੋਵੇਗੀ। ਏਸ਼ੀਆ ਕੱਪ ਲਈ ਭਾਰਤੀ ਮਹਿਲਾ ਟੀਮ ਦੀ ਕਪਤਾਨੀ ਇੱਕ ਵਾਰ ਫਿਰ ਹਰਮਨਪ੍ਰੀਤ ਕੌਰ ਦੇ ਹੱਥ ਹੋਵੇਗੀ। ਵਿਸਫੋਟਕ ਬੱਲੇਬਾਜ਼ ਹਰਮਨਪ੍ਰੀਤ ਫਿਲਹਾਲ ਚੇਨਈ 'ਚ ਦੱਖਣੀ ਅਫਰੀਕਾ ਖਿਲਾਫ ਚੱਲ ਰਹੀ ਟੀ-20 ਸੀਰੀਜ਼ 'ਚ ਖੇਡ ਰਹੀ ਹੈ। ਦੱਖਣੀ ਅਫਰੀਕਾ ਖਿਲਾਫ ਸੀਰੀਜ਼ 'ਚ ਸ਼ਾਨਦਾਰ ਫਾਰਮ 'ਚ ਚੱਲ ਰਹੀ ਸਲਾਮੀ ਬੱਲੇਬਾਜ਼ ਸਮ੍ਰਿਤੀ ਮੰਧਾਨਾ ਨੂੰ ਉਪ ਕਪਤਾਨ ਬਣਾਇਆ ਗਿਆ ਹੈ। ਮੁੱਖ ਟੀਮ ਦੇ 15 ਖਿਡਾਰੀਆਂ ਤੋਂ ਇਲਾਵਾ ਸ਼ਵੇਤਾ ਸਹਿਰਾਵਤ, ਸਾਈਕਾ ਇਸਹਾਕ, ਤਨੂਜਾ ਕੰਵਰ ਤੇ ਮੇਘਨਾ ਸਿੰਘ ਨੂੰ ਰਿਜ਼ਰਵ ਖਿਡਾਰੀਆਂ ਵਜੋਂ ਸ਼ਾਮਲ ਕੀਤਾ ਗਿਆ ਹੈ। ਭਾਰਤ ਨੂੰ ਟੂਰਨਾਮੈਂਟ ਦੇ ਗਰੁੱਪ ਏ ਵਿੱਚ ਰੱਖਿਆ ਗਿਆ ਹੈ ਜਿਸ ਵਿੱਚ ਕੱਟੜ ਵਿਰੋਧੀ ਪਾਕਿਸਤਾਨ (19 ਜੁਲਾਈ), ਯੂਏਈ (21 ਜੁਲਾਈ) ਤੇ ਨੇਪਾਲ (23 ਜੁਲਾਈ) ਸ਼ਾਮਲ ਹਨ। ਸਾਰੇ ਮੈਚ ਰੰਗੀਰੀ ਦਾਂਬੁਲਾ ਇੰਟਰਨੈਸ਼ਨਲ ਸਟੇਡੀਅਮ 'ਚ ਖੇਡੇ ਜਾਣਗੇ। ਭਾਰਤ ਡਿਫੈਂਡਿੰਗ ਚੈਂਪੀਅਨ ਹੈ ਤੇ ਇਸ ਨੇ ਰਿਕਾਰਡ ਸੱਤ ਵਾਰ ਮੁਕਾਬਲਾ ਜਿੱਤਿਆ ਹੈ। ਮਹਿਲਾ ਏਸ਼ੀਆ ਕੱਪ ਦੀ ਸ਼ੁਰੂਆਤ ਸਾਲ 2004 ਬਾਕੀ ਸਫ਼ਾ-2 'ਤੇ

### ਅੰਮ੍ਰਿਤਪਾਲ ਸਿੰਘ ਨੇ ਆਪਣੀ ਮਾਤਾ ਦੇ ਬਿਆਨ 'ਤੇ ਦਿੱਤਾ ਸਪਸ਼ਟੀਕਰਨ

## ਬੋਲੇ-ਖਾਲਸੇ ਰਾਜ ਦਾ ਸੁਪਨਾ ਵੇਖਣਾ ਕੋਈ ਗੁਨਾਹ ਨਹੀਂ...



ਤਰਨ ਤਾਰਨ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)- ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਖਾਲਿਸਤਾਨ ਬਾਰੇ ਆਪਣੀ ਮਾਤਾ ਦੇ ਬਿਆਨ ਨੂੰ ਲੈ ਕੇ ਸਪਸ਼ਟੀਕਰਨ ਦਿੱਤਾ ਹੈ। ਉਨ੍ਹਾਂ ਨੇ ਆਪਣੇ ਐਕਸ ਆਊਂਟ ਉਪਰ ਪੋਸਟ ਸ਼ੇਅਰ ਕਰਦਿਆਂ ਲਿਖਿਆ ਹੈ ਕਿ ਮਾਤਾ ਜੀ ਵੱਲੋਂ ਦਿੱਤੇ ਬਿਆਨ ਬਾਰੇ ਸੁਣ ਕੇ ਮਨ ਬਹੁਤ ਦੁਖੀ ਹੋਇਆ ਹੈ। ਮਾਤਾ ਜੀ ਵੱਲੋਂ ਇਹ ਬਿਆਨ ਅਣਜਾਣੇ ਵਿੱਚ ਦਿੱਤਾ ਗਿਆ ਹੈ ਪਰ ਫਿਰ ਵੀ ਅਜਿਹਾ ਬਿਆਨ ਮੇਰੇ ਪਰਿਵਾਰ ਜਾਂ ਮੇਰੇ ਕਿਸੇ ਵੀ ਹਮਾਇਤੀ ਵੱਲੋਂ ਨਹੀਂ ਆਉਣਾ ਚਾਹੀਦਾ। ਇਸ ਬਾਰੇ ਅੰਮ੍ਰਿਤਪਾਲ ਸਿੰਘ ਦੇ ਪਿਤਾ ਨੇ ਕਿਹਾ ਹੈ ਕਿ ਇਹ ਟਵੀਟ ਅੰਮ੍ਰਿਤਪਾਲ ਸਿੰਘ ਵੱਲੋਂ ਕੀਤਾ ਗਿਆ ਹੈ। ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਟਵੀਟ ਕਰਕੇ ਕਿਹਾ ਹੈ....ਰਾਜ ਬਿਨਾ ਨਹਿ ਧਰਮ ਚਲੈ ਹੈਂ॥ ਧਰਮ ਬਿਨਾ ਸਭ ਦਲੈ ਮਲੈ ਹੈਂ॥ ਗੁਰੂ ਰੂਪ ਗੁਰੂ ਪਿਆਰੀ ਸਾਧ ਸੰਗਤ ਜੀਓ ॥ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ॥ ਕੱਲ ਮਾਤਾ ਜੀ ਵੱਲੋਂ ਦਿੱਤੇ ਬਿਆਨ ਬਾਰੇ ਜਦੋਂ ਅੱਜ ਮੈਨੂੰ ਪਤਾ ਲੱਗਾ ਤਾਂ ਮੇਰਾ ਮਨ ਬਹੁਤ ਬਾਕੀ ਸਫ਼ਾ-2 'ਤੇ

## ਅੰਮ੍ਰਿਤਪਾਲ ਸਿੰਘ ਨੇ CISF ਮਹਿਲਾ ਕਾਂਸਟੇਬਲ ਕੁਲਵਿੰਦਰ ਕੌਰ ਨੂੰ ਕਿਹਾ ਬਹਾਦਰ



ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ CISF ਮਹਿਲਾ ਸਿਪਾਹੀ ਕੁਵਿੰਦਰ ਕੌਰ ਨੂੰ ਲੈ ਕੇ ਐਕਸ 'ਤੇ ਪੋਸਟ ਸ਼ੇਅਰ ਕੀਤੀ ਹੈ। ਦੱਸ ਦਈਏ ਕਿ ਚੰਡੀਗੜ੍ਹ ਏਅਰਪੋਰਟ 'ਤੇ ਕੁਲਵਿੰਦਰ ਕੌਰ ਨੇ ਸੰਸਦ ਮੈਂਬਰ ਕੰਗਨਾ ਰਣੌਤ ਨੂੰ ਥੱਪੜ ਮਾਰਿਆ ਸੀ। ਅੰਮ੍ਰਿਤਪਾਲ ਸਿੰਘ ਨੇ CISF ਦੀ ਮਹਿਲਾ ਕਾਂਸਟੇਬਲ ਕੁਲਵਿੰਦਰ ਕੌਰ ਬਾਰੇ ਬਿਆਨ ਜਾਰੀ ਕੀਤਾ ਹੈ, ਜਿਸ ਨੇ ਹਿਮਾਚਲ ਪ੍ਰਦੇਸ਼ ਦੀ ਮੰਡੀ ਸੀਟ ਤੋਂ ਚੁਣੀ ਗਈ ਅਦਾਕਾਰਾ ਅਤੇ ਸੰਸਦ ਮੈਂਬਰ ਕੰਗਨਾ ਰਣੌਤ ਨੂੰ ਚੰਡੀਗੜ੍ਹ ਹਵਾਈ ਅੱਡੇ 'ਤੇ ਥੱਪੜ ਮਾਰਿਆ ਸੀ। ਅੰਮ੍ਰਿਤਪਾਲ ਨੇ ਕੁਲਵਿੰਦਰ ਕੌਰ ਦਾ ਸਮਰਥਨ ਕੀਤਾ ਹੈ ਅਤੇ ਕੰਗਨਾ ਨੂੰ ਥੱਪੜ ਮਾਰਨ ਲਈ ਉਸ ਨੂੰ ਬਹਾਦਰ ਦੱਸਿਆ ਹੈ। ਅੰਮ੍ਰਿਤਪਾਲ ਸਿੰਘ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਪਾਈ ਹੈ, ਜਿਸ 'ਚ ਉਨ੍ਹਾਂ ਨੇ ਮਹਿਲਾ ਕਾਂਸਟੇਬਲ ਕੁਲਵਿੰਦਰ ਕੌਰ ਦੀ ਤਾਰੀਫ ਕੀਤੀ ਹੈ। ਅੰਮ੍ਰਿਤਪਾਲ ਬਾਕੀ ਸਫ਼ਾ-2 'ਤੇ

### ਸ਼੍ਰੋਮਣੀ ਅਕਾਲੀ ਦਲ ਨੂੰ ਕੰਦਰੀ ਸ਼ਕਤੀਆਂ ਤੋੜਨਾ ਚਾਅ ਰਹੀਆਂ ਹਨ

# ਅਕਾਲੀ ਅਖਵਾਉਣ ਵਾਲਿਆਂ ਨੂੰ ਕੁਹਾੜੇ ਦਾ ਦਸਤਾ ਨਹੀਂ ਬਣਨਾ ਚਾਹੀਦਾ: ਜਥੇਦਾਰ ਕਰਨੈਲ ਸਿੰਘ ਪੀਰਮੁਹੰਮਦ

**ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਉਹ ਬੀਤੇ ਦਿਨ ਪਾਰਟੀ ਹੈਡਕੁਆਰਟਰ ਤੇ ਸ੍ਰ ਸੁਖਬੀਰ ਸਿੰਘ ਬਾਦਲ ਨਾਲ ਵੀ ਮੁਲਾਕਾਤ ਕਰਕੇ ਆਏ ਹਨ ....**

ਕੋਟ ਈਸੇ ਖਾਂ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਦੇ ਕੁੱਝ ਆਗੂ ਭਾਜਪਾ ਦੇ ਇਸ਼ਾਰੇ ਤੇ ਪਾਰਟੀ ਨੂੰ ਦੋੰਫਾੜ ਕਰਨ ਲਈ ਬੇਹੱਦ ਕਾਹਲੇ ਨੇ

ਆਵਾਜ਼ਿ ਕੌਮ AWAZE QAUM International Newspaper & WEB TV



ਪਰ ਉਹਨਾਂ ਦੀ ਇਸ ਇਤਿਹਾਸਕ ਭੁੱਲ ਕਰਕੇ ਖੇਤਰੀ ਪਾਰਟੀ ਨੂੰ ਬੇਹੱਦ ਸੰਕਟ ਵਿੱਚੋ ਲੰਘਣਾ ਪਵੇਗਾ ਤੇ ਅਖੀਰ ਜਿੱਤ ਪੰਥਕ ਸੋਚ ਦੀ ਹੋਵੇਗੀ ਇਹਨਾਂ ਵਿਚਾਰਾ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕੀਤਾ ।ਉਹਨਾਂ ਕਿਹਾ ਕਿ ਸਾਰੀ ਉਮਰ ਆਪਣੀ ਸਿੱਖ ਕੌਮ ਨੂੰ ਸਮਰਪਿਤ ਹੋਕੇ ਸਿੱਖ ਵਿਰੋਧੀ ਤਾਕਤਾ ਖਿਲਾਫ ਸੰਘਰਸ਼ ਕਰਦੇ ਰਹੇ ਤੇ ਦੂਸਰੇ ਪਾਸੇ ਸ੍ਰੋਮਣੀ ਅਕਾਲੀ ਦਲ ਦੇ ਉਹ ਆਗੂ ਜੋ ਅਨੇਕਾ ਵਾਰ ਪਾਰਟੀ ਕਰਕੇ ਐਮ ਐਲ ਏ ਮੰਤਰੀ ਮੈਬਰ ਪਾਰਲੀਮੈਂਟ ਆਪ ਤਾ ਬਣੇ ਹੀ ਆਪਣੇ ਧੀਆ ਪੁੱਤਰ ਰਿਸਤੇਦਾਰਾ ਨੂੰ ਉਪਾਧੀਆ ਦਿਵਾਉਦੇ ਨਹੀ ਥੱਕੇ ਤੇ ਹੁਣ ਜਦ ਪਾਰਟੀ ਸਿਆਸੀ ਪੱਖੋ ਕਮਜ਼ੋਰ ਹੋਕੇ ਹਾਰ ਗਈ ਹੈ ਤਾ ਇਹ ਲੋਕ ਆਪਣਾ ਕਲੱਬ ਬਣਾਕੇ ਬੇ ਜੇ ਪੀ ਕਾਗਰਸ ਤੇ ਆਮ ਆਦਮੀ ਪਾਰਟੀ ਵਾਗ ਸ੍ਰੋਮਣੀ ਅਕਾਲੀ ਦਲ ਨੂੰ ਢਾਅ ਲਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ । ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਉਹ ਬੀਤੇ ਦਿਨ ਪਾਰਟੀ ਹੈਡਕੁਆਰਟਰ ਤੇ ਸ੍ਰ ਸੁਖਬੀਰ ਸਿੰਘ ਬਾਦਲ ਨਾਲ ਵੀ ਮੁਲਾਕਾਤ ਕਰਕੇ ਆਏ ਹਨ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਸ੍ਰ ਸੁਖਬੀਰ ਸਿੰਘ ਬਾਦਲ ਨੂੰ ਇੰਗਲੈਂਡ ਵੱਸਦੇ ਸਿੱਖਾ ਪੰਜਾਬੀਆ ਤੇ ਪਾਰਟੀ ਦੇ ਹਿਤੈਸੀਆ ਦਾ ਸੁਨੇਹਾ ਦਿੱਤਾ ਕਿ ਪਾਰਟੀ ਪ੍ਰਤੀ ਵਿਦੇਸ਼ ਵੱਸਦੇ ਲੋਕ ਕੀ ਮਹਿਸੂਸ ਕਰਦੇ ਹਨ ।ਇਸ ਤੋ ਇਲਾਵਾ ਉਹਨਾਂ ਨੇ ਕੁੱਝ ਅਹਿਮ ਸੁਝਾਅ ਵੀ ਦਿੱਤੇ ਜਿੰਨਾ ਵਿੱਚ ਕੁੱਝ ਐਸੇ ਸਲਾਹਕਾਰਾ ਦਾ ਉਹਨਾਂ ਜਿਕਰ ਕੀਤਾ ਜੋ ਸਮੇ ਸਿਰ ਸਹੀ ਸਲਾਹ ਦੇਣ ਦੀ ਜਗਾ ਆਪਣੇ ਨਿੱਜੀ ਹਿੱਤਾ ਨੂੰ ਅੱਗੇ ਰੱਖਦੇ ਹਨ ਇਸ ਤੋ ਇਲਾਵਾ ਉਹ ਪੰਥਕ ਧਾਰਾ ਪ੍ਰਤੀ ਬੇਸਮਝ ਹਨ ।ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਪਾਰਟੀ ਪ੍ਰਧਾਨ ਨੂੰ ਕੋਰ ਕਮੇਟੀ ਵਿੱਚ ਅਤੇ ਜਥੇਬੰਦਕ ਢਾਚੇ ਵਿੱਚ ਵੀ ਵੱਡੇ ਬਦਲਾਅ ਦੀ ਮੰਗ ਕੀਤੀ ਉਹਨਾਂ ਦਾ ਕਹਿਣਾ ਸੀ ਕਿ ਇਸ ਤਰਾ ਦੀ ਕੋਰ ਕਮੇਟੀ ਦੇ ਕੁੱਝ ਮੈਬਰ ਪਾਰਟੀ ਦਾ ਬੇਹੱਦ ਨੁਕਸਾਨ ਕਰ ਚੁੱਕੇ ਹਨ ਤੇ ਭਵਿੱਖ ਵਿੱਚ ਵੀ ਕਰਨਗੇ ਜੋ ਫੈਸਲਾ ਲੈਣ ਸਮੇ ਮੂਕ ਦਰਸ਼ਕ ਬਣ ਕੇ ਹਰ ਮਸਲੇ ਤੇ ਦਲੀਲਪੂਰਵਕ ਰਾਏ ਦੇਣ ਦੀ ਜਗਾ ਉਥੇ ਪੂਰਨ ਸਹਿਮਤੀ ਪ੍ਰਗਟ ਕਰਦੇ ਹਨ ਤੇ ਬਾਹਰ ਆਕੇ ਜਦ ਸਹੀ ਨਤੀਜੇ ਨਹੀ ਆਉਦੇ ਤੇ ਫਿਰ ਕਹਿ ਦਿੰਦੇ ਨੇ ਅਸਾ ਤਾ ਕੋਰ ਕਮੇਟੀ ਵਿੱਚ ਕਿਹਾ ਸੀ ।

## .... ਸ.ਫਾ-1 ਦਾ ਬਾਕੀ ....

### ਸਾਵਧਾਨ ! 995 ਕਰੋੜ ਪਾਸਵਰਡ ਹੈਕ...

ਹੈ। ਇਸ ਤੋਂ ਇਲਾਵਾ ਗ੍ਰਹਿ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦਿਆਰਥੀਆਂ ਨੂੰ ਸਾਈਬਰ ਅਪਰਾਧਾਂ ਤੋਂ ਬਚਾਉਣ ਲਈ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।

ਸੁਰੱਖਿਅਤ ਰਹਿਣ ਲਈ ਕੀ ਕਰਨਾ ਚਾਹੀਦਾ ਹੈ ?

ਮਜ਼ਬੂਤ ਪਾਸਵਰਡ ਦੀ ਵਰਤੋਂ ਕਰੋ: ਛੋਟੇ ਅਤੇ ਸਧਾਰਨ ਪਾਸਵਰਡ ਦੀ ਬਜਾਏ ਲੰਬੇ ਅਤੇ ਗੁੰਝਲਦਾਰ ਪਾਸਵਰਡ ਬਣਾਓ। ਨਿਯਮਿਤ ਤੌਰ ’ਤੇ ਪਾਸਵਰਡ ਬਦਲੋ: ਸਮੇਂ-ਸਮੇਂ ’ਤੇ ਆਪਣਾ ਪਾਸਵਰਡ ਬਦਲੋ। ਟੂ-ਫੈਕਟਰ ਆਥੇਂਟਿਕੇਸ਼ਨ ਦੀ ਵਰਤੋਂ ਕਰੋ: ਇਸ ਨਾਲ ਤੁਹਾਡੇ ਅਕਾਊਂਟ ਦੀ ਸੁਰੱਖਿਆ ਵਧ ਜਾਂਦੀ ਹੈ। ਸਾਈਬਰ ਸੁਰੱਖਿਆ ਬਾਰੇ ਜਾਗਰੂਕਤਾ ਵਧਾਓ: ਸਾਈਬਰ ਅਪਰਾਧਾਂ ਬਾਰੇ ਜਾਣਕਾਰੀ ਰੱਖੋ ਅਤੇ ਸੁਚੇਤ ਰਹੋ।

### ਸਾਕਾ ਨੀਲਾ ਤਾਰਾ ਦੇ ਜਸ਼ਨ ਮਨਾਉਣ ਤੇ ਲੱਡੂ ਵੰਡਣ ਕਰਕੇ ...

ਹੜ੍ਹਾਂ ਦੀ ਮਾਰ ਝੱਲ ਰਿਹਾ ਸੀ ਤਾਂ ਉਸ ਨੇ ਪੰਜਾਬ ਦੀ ਤਬਾਹੀ ਦਾ ਮਜ਼ਾਕ ਉਡਾਇਆ ਸੀ। ਇਸ ਕਰਕੇ ਨਫਰਤ ਫੈਲਾਉਣ ਵਾਲੇ ਖਿਲਾਫ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਕਿਉਂਕਿ ਫਿਰਕੂ ਸਦਭਾਵਨਾ ਨੂੰ ਹਰ ਕੀਮਤ ’ਤੇ ਕਾਇਮ ਰੱਖਿਆ ਜਾਣਾ ਚਾਹੀਦਾ ਹੈ। ਦਰਅਸਲ ਲੁਧਿਆਣਾ ਵਿੱਚ ਸ਼ਿਵ ਸੈਨਾ (ਪੰਜਾਬ) ਦੇ ਆਗੂ ਸੰਦੀਪ ਥਾਪਰ ’ਤੇ ਨਿਹੰਗਾਂ ਵੱਲੋਂ ਕੀਤੇ ਗਏ ਹਮਲੇ ਤੋਂ ਬਾਅਦ ਸੂਬੇ ਵਿੱਚ ਸਿਆਸੀ ਜੰਗ ਛਿੜ ਗਈ ਹੈ ਤੇ ਵਿਰੋਧੀ ਪਾਰਟੀਆਂ ਵੱਲੋਂ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ‘ਆਪ’ ਸਰਕਾਰ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇਸ ਮਾਮਲੇ ’ਤੇ ਮੁੱਖ ਮੰਤਰੀ ਤੋਂ ਅਸਤੀਫਾ ਮੰਗਿਆ ਜਾ ਰਿਹਾ ਹੈ। ਬੀਜੇਪੀ ਲੀਡਰ ਰਵਨੀਤ ਸਿੰਘ ਬਿੱਟੂ, ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਸਮੇਤ ਹੋਰ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ ’ਤੇ ਨਿਸ਼ਾਨਾ ਸੇਧਦਿਆਂ ਕਿਹਾ ਕਿ ਸੂਬਾ ਸਰਕਾਰ ਕਾਨੂੰਨ ਵਿਵਸਥਾ ਦੇ ਮੋਰਚੇ ’ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਕਸ ’ਤੇ ਪੋਸਟ ਪਾ ਕੇ ਹਮਲੇ ਦੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚੋਂ ਪ੍ਰਸ਼ਾਸਨ ਗਾਇਬ ਹੈ। ਕਾਨੂੰਨ ਵਿਵਸਥਾ ਦਾ ਮਜ਼ਾਕ ਉਡਾਇਆ ਜਾ ਰਿਹਾ ਹੈ। ਅਧਿਕਾਰੀ ਆਪਣਾ ਕੰਮ ਕਰਨ ਦੀ ਬਜਾਏ ‘ਆਪ’ ਆਗੂਆਂ ਨੂੰ ਖੁਸ਼ ਕਰਨ ’ਚ ਲੱਗੇ ਹੋਏ ਹਨ।

### ਹਿਮਾਚਲ ਪ੍ਰਦੇਸ਼ ’ਚ ਲਗਾਤਾਰ ਹੋ ਰਹੀ ਬਾਰਸ਼....

21,385 ਕਿਊਸਿਕ ਪ੍ਰਤੀ ਸੈਕਿੰਡ ਹੈ, ਜਦੋਂਕਿ ਸਪਿਲਵੇਅ ਤੋਂ 12,385 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਇਸ ਲਈ ਪਾਣੀ ਦੀ ਆਮਦ ਵਧਣ ਦਾ ਸਿੱਧਾ ਅਸਰ ਪਾਣੀ ਦੇ ਪੱਧਰ ’ਤੇ ਪੈ ਰਿਹਾ ਹੈ। ਇਸ ਕਾਰਨ ਬਿਆਸ ਦੇ ਕੰਢੇ ਵੱਸੇ ਪਿੰਡਾਂ ਤੇ ਆਸ-ਪਾਸ ਰਹਿਣ ਵਾਲੇ ਲੋਕਾਂ ਦੀਆਂ ਚਿੰਤਾਵਾਂ ਵੀ ਵਧਣ ਲੱਗ ਪਈਆਂ ਹਨ। ਹਾਲਾਂਕਿ ਹੁਣ ਤੱਕ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਤੋਂ ਹੇਠਾਂ ਹੈ। ਕੁੱਲੂ ਜ਼ਿਲ੍ਹੇ ਵਿੱਚ ਭਾਰੀ ਮੀਂਹ ਤੋਂ ਬਾਅਦ ਬਿਆਸ ਦਰਿਆ ਦੇ ਪਾਣੀ ਦਾ ਪੱਧਰ ਹੋਰ ਵਧਣ ਦੀ ਸੰਭਾਵਨਾ ਹੈ। ਹਾਲਾਂਕਿ ਕੁੱਲੂ ਜ਼ਿਲ੍ਹੇ ਵਿੱਚ ਬਹੁਤ ਘੱਟ ਬਾਰਸ਼ ਹੋਈ ਹੈ। ਇਸ ਕਾਰਨ ਬਰਸਾਤ ਦੇ ਮੌਸਮ ਵਿੱਚ ਪਾਣੀ ਦਾ ਪੱਧਰ ਵੱਧ ਜਾਂਦਾ ਹੈ ਪਰ ਖ਼ਤਰੇ ਵਰਗੀ ਸਥਿਤੀ ਨਹੀਂ। ਦੂਜੇ ਪਾਸੇ ਐਸਡੀਐਮ ਸਦਰ ਮੰਡੀ ਓਮਕਾਂਤ ਠਾਕੁਰ ਨੇ ਬਿਆਸ ਦਰਿਆ ਦੇ ਵੱਧ ਰਹੇ ਪਾਣੀ ਦੇ ਪੱਧਰ ਦੇ ਮੱਦੇਨਜ਼ਰ ਲੋਕਾਂ ਨੂੰ ਦਰਿਆ ਦੇ ਕੰਢੇ ਨਾ ਜਾਣ ਦੀ ਅਪੀਲ ਕੀਤੀ ਹੈ। ਕਿਸੇ ਵੀ ਤਰ੍ਹਾਂ ਦਾ ਜੋਖਮ ਨਾ ਲੈਣ ਲਈ ਕਿਹਾ ਹੈ। ਇਹ ਘਾਤਕ ਹੋ ਸਕਦਾ ਹੈ। ਇਸ ਦੇ ਨਾਲ ਹੀ ਬੀਬੀਐਮਬੀ ਪੰਡੋਹ ਦੇ ਕਾਰਜਕਾਰੀ ਇੰਜੀਨੀਅਰ ਵਿਵੇਕ ਚੋਪੜਾ ਨੇ ਦੱਸਿਆ ਕਿ ਪੰਡੋਹ ਡੈਮ ਵਿੱਚ ਵੀ ਪਾਣੀ ਦੀ ਸਥਿਤੀ ਕਾਬੂ ਹੇਠ ਹੈ। ਪਾਣੀ ਸਬੰਧੀ ਪੂਰੀ ਨਿਗਰਾਨੀ ਰੱਖੀ ਜਾ ਰਹੀ ਹੈ।

### ਪੰਜਾਬ ’ਚ ਮੌਸਮ ਵਿਭਾਗ ਨੇ ਦਿੱਤੀ ਚੇਤਾਵਨੀ...

ਵੀ ਚਮਕੇਗੀ। ਇਸ ਤੋਂ ਇਲਾਵਾ ਸੰਗਰੂਰ, ਬਰਨਾਲਾ, ਤਪਾ, ਧੂਰੀ, ਮੂਨਕ, ਸਮਾਣਾ, ਪਟਿਆਲਾ, ਨਾਭਾ, ਮਲੋਟ, ਬਠਿੰਡਾ ਅਤੇ ਰਾਜਪੁਰਾ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਵੱਲੋਂ ਅੱਜ ਸੂਬੇ ਦੇ ਚਾਰ ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਨ੍ਹਾਂ ਜ਼ਿਲ੍ਹਿਆਂ ਵਿੱਚ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ ਸ਼ਾਮਲ ਹਨ। ਇੱਥੇ ਭਾਰੀ ਮੀਂਹ ਦੀ ਸੰਭਾਵਨਾ ਹੈ। ਸੂਬੇ ਵਿੱਚ ਸਭ ਤੋਂ ਵੱਧ ਮੀਂਹ ਪਟਿਆਲਾ ਵਿੱਚ ਦਰਜ ਕੀਤਾ ਗਿਆ, ਫ਼ਿਰੋਜ਼ਪੁਰ ਵਿੱਚ 6.5 ਮਿਲੀਲੀਟਰ, ਮੋਗਾ ਵਿੱਚ 0.5 ਮਿਲੀਲੀਟਰ, ਮੁਹਾਲੀ ਵਿੱਚ 8.0 ਮਿਲੀਲੀਟਰ ਅਤੇ ਪਟਿਆਲਾ ਵਿੱਚ 12.5 ਮਿਲੀਲੀਟਰ ਮੀਂਹ ਦਰਜ ਕੀਤਾ ਗਿਆ।

### ਦੋ ਧੀਆਂ ਦੇ ਪਿਓ ਦੀ ਮੈਲਬਰਨ ਤੋਂ ਸਿਡਨੀ ਜਾਂਦਿਆ...

ਉਹ 20 ਫਰਵਰੀ 2024 ਨੂੰ ਆਪਣੇ ਘਰ ਪਰਤਿਆ ਅਤੇ 28 ਅਪ੍ਰੈਲ 2024 ਨੂੰ ਪਰਿਵਾਰ ਸਮੇਤ ਮੈਲਬਰਨ ਵਾਪਸ ਚਲਾ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਪਤਾ ਲੱਗਾ ਕਿ ਅਮਰਿੰਦਰ ਸਿੰਘ ਟਰੱਕ ਲੈ ਕੇ ਸਿਡਨੀ ਗਿਆ ਸੀ, ਜਿੱਥੇ ਟਰੱਕ ਦੀ ਤਰਪਾਲ ਦੀ ਮੁਰੰਮਤ ਕਰਦੇ ਸਮੇਂ ਉਹ ਟਰੱਕ ਤੋਂ ਹੇਠਾਂ ਡਿੱਗ ਗਿਆ ਅਤੇ ਉਸ ਦਾ ਸਿਰ ਜ਼ਮੀਨ ’ਤੇ ਜਾ ਵੱਜਿਆ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਉਨ੍ਹਾਂ ਨੇ ਦੱਸਿਆ ਕਿ ਅਵਰਿੰਦਰ ਉਸ ਦਾ ਇਕਲੌਤਾ ਪੁੱਤਰ ਸੀ ਅਤੇ ਉਹ ਆਪਣੇ ਪਿੱਛੇ 6 ਸਾਲ ਅਤੇ 6 ਮਹੀਨੇ ਦੀਆਂ ਦੋ ਧੀਆਂ ਅਤੇ ਪਤਨੀ ਛੱਡ ਗਿਆ ਹੈ। ਅਵਰਿੰਦਰ ਦੀ ਮਾਂ ਅਮਰਜੀਤ ਕੌਰ ਦਾ ਰੋ-ਰੋ ਬੁਰਾ ਹਾਲ ਹੋਇਆ ਪਿਆ ਹੈ।

### ਏਸ਼ੀਆ ਕੱਪ ਲਈ ਭਾਰਤੀ...

ਵਿੱਚ ਹੋਈ ਸੀ। 2008 ਤੱਕ ਇਹ ਵਨਡੇ ਫਾਰਮੈਟ ਵਿੱਚ ਖੇਡਿਆ ਜਾਂਦਾ ਸੀ।2012 ਤੋਂ ਇਹ ਟੂਰਨਾਮੈਂਟ ਟੀ-20 ਫਾਰਮੈਟ ਵਿੱਚ ਖੇਡਿਆ ਜਾਣ ਲੱਗਾ।ਭਾਰਤੀ ਟੀਮ ਨੇ ਹੁਣ ਤੱਕ ਖੇਡੇ ਗਏ ਕੁੱਲ 8 ’ਚੋਂ 7 ਵਾਰ ਇਸ ਖਿਤਾਬ ’ਤੇ ਕਬਜ਼ਾ ਕੀਤਾ ਹੈ।ਭਾਰਤੀ ਟੀਮ ਨੇ 2004 ਤੋਂ 2016 ਤੱਕ ਲਗਾਤਾਰ ਛੇ ਵਾਰ ਇਸ ਨੂੰ ਜਿੱਤਿਆ। 2018 ਵਿੱਚ ਬੰਗਲਾਦੇਸ਼ ਨੇ ਇਹ ਪ੍ਰਾਪਤੀ ਕੀਤੀ।2022 ਵਿੱਚ ਭਾਰਤੀ ਟੀਮ ਨੇ ਮਹਿਲਾ ਏਸ਼ੀਆ ਕੱਪ ’ਤੇ ਮੁੜ ਕਬਜ਼ਾ ਕੀਤਾ ਤੇ ਆਪਣਾ ਦਬਦਬਾ ਕਾਇਮ ਕੀਤਾ।

ਭਾਰਤੀ ਟੀਮ: ਹਰਮਨਪ੍ਰੀਤ ਕੌਰ (ਕਪਤਾਨ), ਸਮ੍ਰਿਤੀ ਮੰਧਾਨਾ (ਉਪ-ਕਪਤਾਨ), ਸ਼ੇਫਾਲੀ ਵਰਮਾ, ਦੀਪਤੀ ਸ਼ਰਮਾ, ਜੇਮਿਮਾ ਰੌਡਰਿਗਜ਼, ਰਿਚਾ ਘੋਸ਼ (ਵਿਕੇਟ), ਉਮਾ ਛੇਤਰੀ (ਵਿਕੇਟ), ਪੂਜਾ ਵਸਤਰਕਾਰ, ਅਰੁੰਧਤੀ ਰੈਡੀ, ਰੇਣੂਕਾ ਸਿੰਘ ਠਾਕੁਰ, ਦਿਆਲਨ ਹੇਮਲਤਾ, ਆਸ਼ਾ ਸ਼ੋਭਨਾ, ਰਾਧਾ ਯਾਦਵ, ਸ਼੍ਰੇਅੰਕਾ ਪਾਟਿਲ ਤੇ ਸਜਨਾ ਸਾਜੀਵਨ। ਰਿਜਰਵ: ਸ਼ਵੇਤਾ ਸਹਿਰਾਵਤ, ਸਾਈਕਾ ਇਸ਼ਾਕ, ਤਨੁਜਾ ਕੰਵਰ ਤੇ ਮੇਘਨਾ ਸਿੰਘ।

### ਖਾਲਸੇ ਰਾਜ ਦਾ ਸੁਪਨਾ ਵੇਖਣਾ...

ਦੁਖੀ ਹੋਇਆ॥ ਬੇਸ਼ੱਕ ਮੈਨੂੰ ਇਹ ਯਕੀਨ ਹੈ ਕਿ ਮਾਤਾ ਜੀ ਵੱਲੋਂ ਇਹ ਬਿਆਨ ਅਣਜਾਣੇ ਵਿੱਚ ਦਿੱਤਾ ਗਿਆ, ਪਰ ਫਿਰ ਵੀ ਅਜਿਹਾ ਬਿਆਨ ਮੇਰੇ ਪਰਿਵਾਰ ਜਾਂ ਕਿਸੇ ਵੀ ਉਸ ਸ਼ਖਸ ਵੱਲੋਂ ਜੋ ਮੇਰੀ ਹਮਾਇਤ ਕਰਦਾ ਹੈ, ਉਸ ਵੱਲੋਂ ਨਹੀਂ ਆਉਣਾ ਚਾਹੀਦਾ।ਖਾਲਸੇ ਰਾਜ ਦਾ ਸੁਪਨਾ ਵੇਖਣਾ ਕੋਈ ਗੁਨਾਹ ਨਹੀਂ, ਸਗੋਂ ਮਾਣ ਵਾਲੀ ਗੱਲ ਹੈ।ਜਿਸ ਸੁਪਨੇ ਦੀ ਪੂਰਤੀ ਲਈ ਲੱਖਾਂ ਸਿੱਖਾਂ ਨੇ ਸ਼ਹੀਦੀ ਦਿੱਤੀ ਹੋਵੇ, ਉਸ ਮਾਰਗ ਤੋਂ ਪਿੱਛੇ ਹਟ ਜਾਣ ਬਾਰੇ ਅਸੀਂ ਸੁਪਨੇ ਵਿੱਚ ਵੀ ਨਹੀਂ ਸੋਚ ਸਕਦੇ।ਮੈਂ ਬਹੁਤ ਵਾਰ ਸਟੇਜਾਂ ਤੋਂ ਬੋਲਦਿਆਂ ਇਹ ਗੱਲ ਕਹੀ ਹੈ ਕਿ ਜੇ ਮੈਨੂੰ ਪੰਥ ਤੇ ਪਰਿਵਾਰ ਵਿੱਚੋਂ ਚੁਣਨਾ ਪਿਆ ਤਾਂ ਮੈਂ ਹਮੇਸ਼ਾ ਪੰਥ ਦੀ ਚੋਣ ਕਰਾਂਗਾ। ਇਸ ਗੱਲ ਤੇ ਇਤਿਹਾਸ ਦਾ ਉਹ ਵਾਕਿਆ ਬਹੁਤ ਢੁਕਵਾਂ ਬੈਠਦਾ ਹੈ ਜਿੱਥੇ ਬੰਦਾ ਸਿੰਘ ਬਹਾਦਰ ਦੇ ਨਾਲ ਦੇ ਸਿੰਘਾਂ ਨੂੰ ਸ਼ਹੀਦ ਕੀਤਾ ਜਾ ਰਿਹਾ ਸੀ ਤਾਂ ਇੱਕ 14 ਕੁ ਸਾਲ ਦੇ ਨੌਜਵਾਨ ਦੀ ਮਾਂ ਨੇ ਉਸ ਨੂੰ ਬਚਾਉਣ ਲਈ ਇਹ ਗੱਲ ਕਹਿ ਦਿੱਤੀ ਕਿ ਇਹ ਨੌਜਵਾਨ ਸਿੱਖ ਨਹੀਂ ਤਾਂ ਉਸ ਨੌਜਵਾਨ ਨੇ ਅੱਗੋਂ ਇਹ ਗੱਲ ਕਹੀ ਕਿ ਜੇ ਇਹ ਔਰਤ ਇਹ ਕਹਿੰਦੀ ਹੈ ਕਿ ਮੈਂ ਗੁਰੂ ਦਾ ਸਿੱਖ ਨਹੀਂ ਤਾਂ ਮੈਂ ਇਹ ਗੱਲ ਬਿਆਨ ਕਰਦਾ ਹਾਂ ਕਿ ਇਹ ਮੇਰੀ ਮਾਂ ਨਹੀਂ॥ ਬੇਸ਼ੱਕ ਇਹ ਉਦਾਹਰਣ ਇਸ ਘਟਨਾ ਵਾਸਤੇ ਬੇਹੱਦ ਸਖਤ ਹੈ, ਪਰ ਸਿਧਾਂਤਕ ਪੱਖ ਤੋਂ ਇਹ ਗੱਲ ਸਮਝਣ ਵਾਲੀ ਹੈ। ਮੈਂ ਆਪਣੇ ਪਰਿਵਾਰ ਨੂੰ ਇਸ ਗੱਲ ਦੀ ਤਾੜਨਾ ਕਰਦਾ ਹਾਂ ਕਦੇ ਵੀ ਸਿੱਖ ਰਾਜ ਉੱਤੇ ਸਮਝੌਤਾ ਕਰਨ ਬਾਰੇ ਸੋਚਣਾ ਵੀ ਗਵਾਰਾ ਨਹੀਂ ਹੈ ਕਹਿਣਾ ਤਾਂ ਦੂਰ ਦੀ ਗੱਲ ਹੈ ਅਤੇ ਅੱਗੇ ਤੋਂ ਸੰਗਤੀ ਰੂਪ ਵਿੱਚ ਵਿਚਰਦਿਆਂ ਬੋਲਦਿਆਂ ਅਜਿਹੀ ਕੁਤਾਹੀ ਨਹੀਂ ਹੋਣੀ ਚਾਹੀਦੀ।

ਗੁਰੂ ਪੰਥ ਦਾ ਦਾਸ

ਅੰਮ੍ਰਿਤਪਾਲ ਸਿੰਘ ਬੰਦੀ ਡਿਬਰੂਗੜ੍ਹ ਜੇਲ੍ਹ ਅਸਾਮ

ਅੰਮ੍ਰਿਤਪਾਲ ਦੇ ਪਿਤਾ ਨਾਲ ਗੱਲ ਹੋਈ ਹੈ ਉਹਨਾਂ ਨੇ ਕਿਹਾ ਹੈ ਕਿ ਇਹ ਟਵੀਟ ਅੰਮ੍ਰਿਤ ਪਾਲ ਵੱਲੋਂ ਕੀਤਾ ਗਿਆ ਹੈ ਇਸ ਟਵੀਟ ਜੋ ਲਿਖਿਆ ਹੈ ਉਹ ਅੰਮ੍ਰਿਤ ਪਾਲ ਦਾ ਹੀ ਬਿਆਨ ਹੈ।

## ਇੱਕ ਨਜ਼ਰ



### ਪਿੰਡ ਤਾਰਾਗੜ੍ਹ ਦੇ ਸ਼ਮਸ਼ਾਨ ਘਾਟ ਨੂੰ ਜਾਂਦੀ ਸੜਕ ਤੇ ਲੱਗੇ ਗੰਦਗੀ ਦੇ ਢੇਰ ਨੂੰ ਚੁਕਾਉਣ ਦਾ ਕੰਮ ਹੋਇਆ ਸ਼ੁਰੂ

**ਕੈਬਨਿਟ ਮੰਤਰੀ ਈ ਟੀ ਓ ਵੱਲੋਂ ਵਿਕਾਸ ਕਾਰਜਾਂ ਨੂੰ ਦਿੱਤੀ ਜਾ ਰਹੀ ਹੈ ਪਹਿਲ: ਜਗਮੋਹਨ ਸਿੰਘ**

ਜੰਡਿਆਲਾ ਗੁਰੂ, 7 ਜੁਲਾਈ ( ਕੁਲਵੰਤ ਸਿੰਘ ਵਿਰਦੀ )- ਅੱਜ ਪਿੰਡ ਤਾਰਾਗੜ੍ਹ ਦੇ ਸ਼ਮਸ਼ਾਨ ਘਾਟ ਨੂੰ ਜਾਂਦੀ ਸੜਕ ਉਪਰ ਲੱਗੇ ਗੰਦਗੀ ਦੇ ਢੇਰ ਨੂੰ ਚੁਕਾਉਣ ਦਾ ਕੰਮ ਸੁਰੂ ਕੀਤਾ ਗਿਆ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਮੋਹਨ ਸਿੰਘ,ਆਗੂ ਹਰਦੇਵ ਸਿੰਘ ਨੇ ਕਿਹਾ ਕਿ ਹਲਕੇ ਦੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਵੱਲੋਂ ਹਲਕੇ ਦੇ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ ਅਤੇ ਅੱਜ ਈ ਟੀ ਓ ਸਾਹਬ ਅਤੇ ਜੰਡਿਆਲਾ ਗੁਰੂ ਦੇ ਬਲਾਕ ਦੇ ਸੀਨੀਅਰ ਅਫਸਰਾਂ ਵੱਲੋਂ ਪਹਿਲ ਦੇ ਆਧਾਰ ਤੇ ਇਸ ਗੰਦਗੀ ਦੇ ਢੇਰ ਨੂੰ ਚੁਕਾਉਣ ਲਈ ਹੁਕਮ ਦਿੱਤੇ ਗਏ ਹਨ ਅਤੇ ਪਿੰਡ ਦੇ ਵਿਚ ਰਹਿੰਦੇ ਬਜ਼ਾਰ ਅਤੇ ਹੋਰ ਵੀ ਪਿੰਡ ਦੇ ਅਧੂਰੇ ਕੰਮ ਸ਼ੁਰੂ ਕੀਤੇ ਜਾ ਰਹੇ ਹਨ ਅੱਗੇ ਉਨ੍ਹਾ ਕਿਹਾ ਕਿ ਪਿੰਡ ਦੇ ਵਿਕਾਸ ਦੇ ਕੰਮ ਪਾਰਟੀ ਬਾਜ਼ੀ ਤੋਂ ਉਪਰੰਤ ਉਠ ਕੇ ਕੀਤੇ ਜਾਣਗੇ ਕਿਉਂਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਆਮ ਆਦਮੀ ਦੀ ਸਰਕਾਰ ਹੈ ਅਤੇ ਹਰ ਇੱਕ ਵਿਅਕਤੀ ਨੂੰ ਵਿਕਾਸ ਕਾਰਜਾਂ ਨੂੰ ਕਰਵਾਉਣ ਵਿੱਚ ਸ਼ਮੂਲੀਅਤ ਕਰਨੀ ਚਾਹੀਦੀ ਹੈ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਨੂੰ ਜਨਮ ਨਹੀਂ ਦੇਣਾ ਚਾਹੀਦਾ ਇਸ ਮੌਕੇ ਹਰਵਿੰਦਰ ਸਿੰਘ ਵਿਰਦੀ ( ਸੋਨੀ) , ਰਵਿੰਦਰ ਸਿੰਘ ਰਵੀ ਝੰਡ,ਦਵਿੰਦਰ ਸਿੰਘ, ਬਲਦੇਵ ਸਿੰਘ, ਮੋਨੂੰ ਮੈਂਬਰ, ਬਲਦੇਵ ਸਿੰਘ ਪੱਪੂ ਸਾਬਕਾ ਪੰਚਾਇਤ ਮੈਂਬਰ, ਸੋਭਿਤ ਝੰਡ,ਕਵਲਪ੍ਰੀਤ ਸਿੰਘ ਝੰਡ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿੱਖਾਂ ਦੇ ਵਿਰੁੱਧ ਨਫਰਤ ਫੈਲਾਉਣ ਲਈ ਅਤੇ ਹਿੰਦੂ ਵੋਟਾਂ ਦਾ ਉਸ ਸਮੇਂ...

**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ**

ਸਿੱਖਾਂ ਦੇ ਵਿਰੁੱਧ ਨਫਰਤ ਫੈਲਾਉਣ ਲਈ ਅਤੇ ਹਿੰਦੂ ਵੋਟਾਂ ਦਾ ਉਸ ਸਮੇਂ ਦੀ ਹੁਕਮਰਾਨ ਪਾਰਟੀ ਦੇ ਹੱਕ ਵਿੱਚ ਧਰੁਵੀਕਰਨ ਲਈ ਇਸ ਤਰ੍ਹਾਂ ਦੇ ਗਰੁੱਪਾ ਨੂੰ ਮਹੀਨਾਵਾਰ ਕੇਂਦਰੀ ਏਜੰਸੀਆਂ ਵਜੋਂ ਫੰਡ ਦਿੱਤੇ ਜਾਂਦੇ ਸਨ ਏਸੇ ਤਰਜ਼ ਉੱਪਰ ਸਿੱਖ ਭੇਸ ਵਿੱਚ ਜੱਥਬੰਦੀਆਂ ਬਣਾ ਕੇ ਅਤੇ ਸਿੱਖਾਂ ਦੀਆਂ ਜੱਥੇਬੰਦੀਆਂ ਵਿੱਚਲੇ ਆਗੂਆਂ ਨੂੰ ਖ਼ਰੀਦ ਕੇ ਵੀ ਸਰਕਾਰ ਆਪਣੇ ਏਜੰਡੇ ਲਾਗੂ ਕਰਵਾਉਂਦੀ ਸੀ ਅਤੇ ਇਹ ਨੀਤੀ ਅੱਜ ਤੱਕ ਜਾਰੀ ਹੈ । ਬੀਤੇ ਵਿੱਚ ਮਹੰਤ ਸੇਵਾ ਦਾਸ ਦਾ ਅਕਾਲੀ ਦਲ ਅਤੇ ਅਕਾਲੀ ਦਲ ਵਿੱਚਲੇ ਰਾਮੂਵਾਲੀਆ ,ਗੁਰਚਰਨ ਸਕੱਤਰ ਅਤੇ ਜੀਵਨ ਉਮਰਾਨੰਗਲ ਦੀ ਮਿਸਾਲ ਦਿੱਤੀ ਜਾ ਸਕਦੀ ਹੈ ।ਏਸੇ ਸਿਲਸਿਲੇ ਵਿੱਚ ਦਮਦਮੀ ਸਰਕਾਰ ਅਤੇ ਫੈਡਰੇਸ਼ਨਾਂ ਦੇ ਵੱਖ ਵੱਖ ਧੜਿਆਂ ਵਿੱਚ ਅਜਿਹੇ ਕਈ ਨਾਮਵਰ ਆਗੂ ਸਰਕਾਰ ਦੇ ਖਰੀਦੇ ਸਨ ।ਇਸ ਦੇ ਸਬੂਤ ਵਜੋਂ ਮੇਰੇ ਕੋਲ ਹੱਡੀ ਬੀਤੇ ਕਈ ਹਵਾਲੇ ਹਨ ,ਇੱਕ ਵਾਰ ਮੈਨੂੰ ਫੈਡਰੇਸ਼ਨ ਦੇ ਇੱਕ ਗਰੁੱਪ ਦੇ ਆਪੂ ਬਣੇ ਪ੍ਰਧਾਨ ਚੇਤ ਸਿੰਘ ਦੋਲੋਨੰਗਲ ਨੇ ਪੁਲਸ ਤੋਂ ਚੁਕਵਾਇਆ ਸੀ ਅਤੇ ਆਸਾਮ ਸਟੂਡੈਂਟਸ ਫੈਡਰੇਸ਼ਨ ਦੀ ਲੀਡਰਸ਼ਿਪ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਦੇ ਦਖਲ ਨਾਲ ਮੇਰੀ ਜਾਨ ਬਚੀ ਸੀ ।ਏਸੇ ਤਰ੍ਹਾਂ ਫਗਵਾੜਾ ਨੇੜੇ ਪਿੰਡ ਦਾ ਇੱਕ ਜਸਪਾਲ ਸਿੰਘ ਨਾਮ ਦਾ ਨੌਜਵਾਨ ਮੇਰੇ ਕੋਲ ਲਾਇਆ ਕਿ ਫਗਵਾੜਾ ਪੁਲਸ ਉਸਨੂੰ ਬਿਨਾ ਵਜ੍ਹਾ ਗ੍ਰਿਫਤਾਰ ਕਰਕੇ ਥਾਣੇ ਬੈਠਾ ਲੈਂਦੀ ਹੈ ,ਜਦ ਜਸਪਾਲ ਨੇ ਥਾਣੇਦਾਰ ਨੂੰ ਕਾਰਨ ਪੁੱਛਿਆ ਤਾਂ ਉਸਨੇ ਜਸਪਾਲ ਨੂੰ ਉਸ ਵਕਤ ਦੇ ਜਲੰਧਰ ਪੰਜਾਬ ਗੁਪਤਚਰ ਪੁਲਸ ਦੇ ਮੁੱਖੀ ਅਤੇ ਮੌਜੂਦਾ ਭਾਰਤ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੁੱਖੀ ਇਕਬਾਲ ਸਿੰਘ ਲਾਲਪੁਰਾ ਨੂੰ ਜਾ ਕੇ ਮਿਲਣ ਲਈ ਕਿਹਾ ਸੀ ।ਕਹਾਣੀ ਲੰਬੀ ਹੈ ,ਪਰ ਸਮੇਟਦਾ ਹਾਂ ,ਜਦੋ ਜਸਪਾਲ ਲਾਲਪੁਰੇ ਨੂੰ ਮਿਲਿਆ ਤਾਂ ਉਸਨੇ ਜਸਪਾਲ ਨੂੰ ਚੰਗੀ ਤਨਖਾਹ ਦੇ ਕੇ ਦਮਦਮੀ ਟਕਸਾਲ ਭੇਜਣ ਦੀ ਪੇਸ਼ਕਸ਼ ਕੀਤੀ ਅਤੇ ਡਿਊਟੀ ਇਹ ਦੱਸੀ ਕਿ ਉੱਥੇ ਰਹਿ ਕੇ ਤੱਤੀ ਗੱਲ ਕਰਨੀ ਹੈ ਅਤੇ ਜੋ ਜੋ ਉਸਦੀ ਗੱਲ ਦਾ ਹੁੰਗਾਰਾ ਭਰਦੇ ,ਸਾਨੂੰ ਜਾਣਕਾਰੀ ਦੇਣੀ ਹੈ ।ਜਸਪਾਲ ਤਾਂ ਅਸੀ ਬਚਾ ਲਿਆ ਸੀ ਪਰ ਸੈਂਕੜੇ ਉਹਨਾਂ ਦੇ ਢਹੇ ਚੜੇ ਸਨ ।ਫੈਡਰੇਸ਼ਨ ਦਾ ਇੱਕ ਸਮੇਂ ਚੋਟੀ ਦੇ ਆਗੂ ਹਰਿੰਦਰ ਕਾਹਲੋ ,ਕੁਲਦੀਪ ਕਾਹਲੋ ਅਤੇ ਸਰਚਾਂਦ ਵਰਗੇ ਪਹਿਲਾਂ ਤੋਂ ਹੀ ਲਾਲਪੁਰੇ ਅਤੇ ਸਰਕਾਰ ਦੇ ਘੁਸਪੈਠੀਏ ਸਨ ਅਤੇ ਹੁਣ ਉਸਦੇ ਨਾਲ ਭਾਜਪਾ ਵਿੱਚ ਹਨ ਅਤੇ ਅਨੇਕਾਂ ਅਜੇ ਵੀ ਪੰਥਕ ਭੇਸ ਵਿੱਚ ਵਿਚਰ ਰਹੇ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

## .... ਸ.ਫਾ-1 ਦਾ ਬਾਕੀ ....

### ਕਾਂਸਟੇਬਲ ਕੁਲਵਿੰਦਰ ਕੌਰ ਨੂੰ ਕਿਹਾ ਬਹਾਦਰ...

ਸਿੰਘ ਨੇ ਐਕਸ ’ਤੇ ਪੋਸਟ ਕੀਤਾ ਤੇ ਲਿਖਿਆ ਕਿ ਅਸੀਂ ਆਪਣੀ ਭੈਣ ਕੁਲਵਿੰਦਰ ਕੌਰ ਨਾਲ ਇਕਮੁੱਠ ਹਾਂ। ਕੁਲਵਿੰਦਰ ਦੀ ਹਿੰਮਤ ਪੰਜਾਬ ਦੀਆਂ ਧੀਆਂ ਦੀ ਤਾਕਤ ਦੀ ਮਿਸਾਲ ਹੈ। ਕੰਗਨਾ ਰਣੌਤ ਨੇ ਸਿੱਖ ਕੌਮ, ਸਾਡੇ ਕਿਸਾਨਾਂ ਅਤੇ ਪੰਜਾਬ ਦੀਆਂ ਮਾਵਾਂ ਨੂੰ ਵਾਰ-ਵਾਰ ਤੰਗ-ਪ੍ਰੇਸ਼ਾਨ ਕੀਤਾ ਹੈ ਅਤੇ ਉਨ੍ਹਾਂ ਦਾ ਅਪਮਾਨ ਕੀਤਾ ਹੈ। ਜ਼ਿਕਰ ਕਰ ਦਈਏ ਕਿ ਮਹਿਲਾ ਸਿਪਾਹੀ ਕੁਲਵਿੰਦਰ ਕੌਰ ਦੇ ਬੈਂਗਲੁਰੂ ਤਬਾਦਲੇ ਤੋਂ ਬਾਅਦ ਉਸ ਦੇ ਭਰਾ ਸ਼ੇਰ ਸਿੰਘ ਮਹੀਵਾਲ ਨੇ ਇੱਕ ਵੀਡੀਓ ਜਾਰੀ ਕਰਕੇ ਆਪਣੀ ਪ੍ਰਤੀਕਿਰਿਆ ਦਿੱਤੀ ਸੀ। ਸ਼ੇਰ ਸਿੰਘ ਨੇ ਦੱਸਿਆ ਕਿ ਉਸ ਦਾ ਜੀਜਾ ਵੀ ਸੀਆਈਐਸਐਫ ਵਿੱਚ ਤਾਇਨਾਤ ਹੈ। ਉਹ ਬੈਂਗਲੁਰੂ ਵਿੱਚ ਤਾਇਨਾਤ ਹੈ ਅਤੇ ਇਸ ਲਈ ਭੈਣ ਕੁਲਵਿੰਦਰ ਕੌਰ ਵੀ ਉੱਥੇ ਗਈ ਹੈ। ਸ਼ੇਰ ਸਿੰਘ ਨੇ ਇਹ ਵੀ ਕਿਹਾ ਸੀ ਕਿ ਭੈਣ ਨੇ ਕੰਗਨਾ ਨੂੰ ਥੱਪੜ ਮਾਰਨ ਦੀ ਘਟਨਾ ਲਈ ਕਿਸੇ ਤੋਂ ਮੁਆਫੀ ਨਹੀਂ ਮੰਗੀ ਹੈ।

### ਛੇ-ਮੰਜ਼ਿਲਾ ਇਮਾਰਤ ਡਿੱਗਣ ਕਾਰਨ 7 ਲੋਕਾਂ ਦੀ ਮੌਤ...

ਹੈ ਅਤੇ ਕੋਈ ਹੋਰ ਇੱਥੋਂ ਦਾ ਵਿਅਕਤੀ ਇਸ ਮਕਾਨ ਨੂੰ ਕਿਰਾਏ ’ਤੇ ਦਿੰਦਾ ਸੀ। ਫਿਲਹਾਲ ਇਮਾਰਤ ਦੇ ਡਿੱਗਣ ਦਾ ਕਾਰਨ ਸਪੱਸ਼ਟ ਨਹੀਂ ਹੋ ਸਕਿਆ ਹੈ। ਦੱਸਿਆ ਜਾ ਰਿਹਾ ਹੈ ਕਿ ਭਾਰੀ ਬਰਸਾਤ ਕਾਰਨ ਖਸਤਾਹਾਲ ਇਮਾਰਤ ਢਹਿ ਗਈ। ਸੂਰਤ ਦੇ ਪੁਲਿਸ ਕਮਿਸ਼ਨਰ ਅਨੁਪਮ ਸਿੰਘ ਗਹਿਲੋਤ ਨੇ ਦੱਸਿਆ ਕਿ ਇਮਾਰਤ ਡਿੱਗਣ ਦੀ ਸੂਚਨਾ ਮਿਲਣ ਤੋਂ ਬਾਅਦ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ। ਮਲਬੇ ’ਚ ਫਸੇ ਲੋਕਾਂ ਨੂੰ ਕੱਢਣ ਲਈ ਰਾਹਤ ਅਤੇ ਬਚਾਅ ਕੰਮ ਜਾਰੀ ਹੈ। NDRF ਦੀ ਟੀਮ ਪੂਰੀ ਮਿਹਨਤ ਕਰ ਰਹੀ ਹੈ। ਅਨੁਪਮ ਸਿੰਘ ਗਹਿਲੋਤ ਨੇ ਅੱਗੇ ਦੱਸਿਆ ਕਿ ਇਮਾਰਤ ਦੀ ਉਸਾਰੀ 2016-17 ਵਿੱਚ ਹੋਈ ਸੀ। ਕਰੀਬ ਪੰਜ ਫਲੈਟਾਂ ਵਿੱਚ ਲੋਕ ਰਹਿੰਦੇ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਇਸ ਇਲਾਕੇ ਵਿੱਚ ਫੈਕਟਰੀਆਂ ਵਿੱਚ ਕੰਮ ਕਰਨ ਵਾਲੇ ਲੋਕ ਸਨ। ਜਦੋਂ ਬਚਾਅ ਕਾਰਜ ਸ਼ੁਰੂ ਹੋਇਆ ਤਾਂ ਅਸੀਂ ਫਸੇ ਲੋਕਾਂ ਦੀਆਂ ਚੀਕਾਂ ਸੁਣੀਆਂ। ਅਧਿਕਾਰੀਆਂ ਨੇ ਦੱਸਿਆ ਕਿ ਹਾਦਸੇ ਦੀ ਜਾਂਚ ਲਈ ਕਮੇਟੀ ਬਣਾ ਦਿੱਤੀ ਗਈ ਹੈ। ਜਾਂਚ ਰਿਪੋਰਟ ਦੇ ਆਧਾਰ ’ਤੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ।

# ਬਾਦਲ ਦਲ ਸਬੰਧੀ ਸਿੰਘ ਸਾਹਿਬ ਭਾਈ ਰਘਵੀਰ ਸਿੰਘ ਤੁਰੰਤ ਫੈਸਲਾ ਲੈਣ ਅਤੇ ਦੋਸ਼ੀਆਂ ਨੂੰ ਤਨਖਾਹਾਂ ਲਗਾਉਣ : ਸਿੰਘ ਸਾਹਿਬ

## ਭਾਈ ਗਜਿੰਦਰ ਸਿੰਘ ਦੀ ਸਿੱਖ ਸੰਘਰਸ਼ ਵਿੱਚ ਵੱਡੀ ਕੁਰਬਾਨੀ, ਦਲ ਖਾਲਸਾ ਉਨ੍ਹਾਂ ਦੇ ਮਿਸ਼ਨ ਨੂੰ ਅੱਗੇ ਵਧਾ ਰਿਹਾ







ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜੱਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਨੂੰ ਅਪੀਲ ਕੀਤੀ ਹੈ ਕਿ ਉਹ ਬਾਦਲ ਦਲ ਦੇ ਲੀਡਰਾਂ ਖਿਲਾਫ ਤੁਰੰਤ ਫੈਸਲਾ ਲੈਣ ਅਤੇ ਉਨ੍ਹਾਂ ਨੂੰ ਬਣਦੇ ਗੁਨਾਹਾਂ ਦੀ ਤਨਖਾਹ ਲਗਾਉਣ। ਸਿੰਘ ਸਾਹਿਬ ਨੇ ਇਹ ਵੀ ਕਿਹਾ ਕਿ ਬਾਦਲ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਉਸ ਦੇ ਹਮਾਇਤੀਆਂ ਦਾ ਇਹ ਦਾਅਵਾ ਬਿਲਕੁਲ ਝੂਠਾ ਹੈ ਕਿ ਸੁਖਬੀਰ ਸਿੰਘ ਬਾਦਲ ਨੇ ਕੀਤੇ ਗੁਨਾਹਾਂ ਦੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਮਾਫੀ ਮੰਗ ਲਈ ਹੈ। ਉਨ੍ਹਾਂ ਕਿਹਾ ਕਿ ਬਾਦਲ ਦਲ ਦੇ ਕਿਸੇ ਵੀ ਆਗੂ ਨੇ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਮਰਿਯਾਦਾ ਮੁਤਾਬਕ ਪੇਸ਼ ਹੋ ਕੇ ਆਪਣੇ ਗੁਨਾਹਾਂ ਦੀ ਮਾਫੀ ਪਹਿਲਾਂ ਕਦੇ ਵੀ ਨਹੀਂ ਮੰਗੀ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵੱਲੋਂ ਅੱਜ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਸ਼ਹੀਦੀ ਸਥਾਨ ਵਿੱਖੇ ਬੰਦੀ ਸਿੰਘਾਂ ਦੀ ਰਿਹਾਈ ਲਈ ਰਖਵਾਏ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਅਤੇ ਇੰਟਰਨੈਸ਼ਨਲ ਪੰਥਕ ਦਲ ਦੀ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਗਿਆ ਕਿ ਪਿਛਲੇ ਦਿਨੀਂ ਬਾਦਲ ਦਲ ਦੇ ਬਾਗੀ ਆਗੂਆਂ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋ ਕੇ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੇ ਗਏ ਬੱਜਰ ਗੁਨਾਹਾਂ ਬਾਰੇ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਨੂੰ ਜਾਣਕਾਰੀ ਦੇਣ ਅਤੇ ਆਪਣੇ ਵੱਲੋਂ ਇਸ ਮਾਮਲੇ ਵਿੱਚ ਮਾਫੀ ਮੰਗਣ ਬਾਰੇ ਸਿੰਘ ਸਾਹਿਬ ਤੁਰੰਤ ਫੈਸਲਾ ਲੈ ਕੇ ਦੋਸ਼ੀ ਲੋਕਾਂ ਨੂੰ ਤਨਖਾਹਾਂ ਦੀ ਸਜਾ ਲਗਾਉਣ। ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਬਣਾਏ ਜਾਣ ਸਬੰਧੀ ਪੁੱਛੇ ਜਾਣ ’ਤੇ ਸਿੰਘ ਸਾਹਿਬ ਨੇ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਇੱਕ ਸੁਲਝੇ ਹੋਏ ਇਨਸਾਨ ਹਨ, ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਰਹਿ ਚੁੱਕੇ ਹਨ ਅਤੇ ਮੌਜੂਦਾ ਸਮੇਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਹਨ, ਉਹ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਣਨ ਦੀ ਕੀਤੀ ਗਈ ਪੇਸ਼ਕਸ਼ ਨੂੰ ਕਾਹਲੀ ਵਿੱਚ ਸਵੀਕਾਰ ਨਹੀਂ ਕਰਨਗੇ। ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਵੱਲੋਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨਾਲ ਕੀਤੀ ਗਈ ਮੁਲਾਕਾਤ ਬਾਰੇ ਪੁੱਛਣ ’ਤੇ ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਸਿੱਖ ਪੰਥ ਦੀ ਸਤਿਕਾਰਤ ਹਸਤੀ ਹਨ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਵੱਲੋਂ ਉਨ੍ਹਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ ਹਨ। ਭਾਈ ਅੰਮ੍ਰਿਤਪਾਲ ਸਿੰਘ ਨੂੰ ਸੰਸਦ ਮੈਂਬਰ ਵਜੋਂ ਸਹੁੰ ਚੁਕਾਉਣ ਦੌਰਾਨ ਸਰਕਾਰ ਵੱਲੋਂ ਕੀਤੀ ਗਈ ਸਖਤੀ ਸਬੰਧੀ ਸਿੰਘ ਸਾਹਿਬ ਭਾਈ ਰੋਡੇ ਨੇ ਕਿਹਾ ਕਿ ਇਸ ਸਮੁੱਚੇ ਵਰਤਾਰੇ ਨੇ ਸਿੱਖਾਂ ਨਾਲ ਕੀਤੇ ਜਾ ਰਹੇ ਵਿਤਕਰਿਆਂ ਨੂੰ ਦੁਨੀਆ ਸਾਹਮਣੇ ਲੈ ਆਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਵੱਲੋਂ ਸਿੱਖ ਪੰਥ ਨਾਲ ਕੀਤੇ ਜਾ ਰਹੇ ਵਿਤਕਰਿਆਂ ਦੇ ਮਾਮਲੇ ਵਿੱਚ ਲੋਕ ਸਭਾ ਚੋਣਾਂ ਦੇ ਨਤੀਜਿਆਂ ਨੇ ਸਪੱਸ਼ਟ ਕਰ ਦਿੱਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਿੰਘ ਸਾਹਿਬ ਨੇ ਇਹ ਵੀ ਕਿਹਾ ਕਿ ਉਨ੍ਹਾਂ ਵੱਲੋਂ ਅੱਜ ਇੰਟਰਨੈਸ਼ਨਲ ਪੰਥਕ ਦਲ ਦੀ ਅੰਮ੍ਰਿਤਸਰ ਸਾਹਿਬ ਵਿਖੇ ਵਿਸ਼ੇਸ਼ ਮੀਟਿੰਗ ਬੁਲਾਈ ਗਈ ਸੀ। ਇਸ ਮੀਟਿੰਗ ਵਿੱਚ ਆਉਣ ਵਾਲੇ ਸਮੇਂ ਵਿੱਚ ਕਈ ਵੱਡੇ ਪ੍ਰੋਗਰਾਮ ਉਲੀਕਣ ਸਬੰਧੀ ਵਿਚਾਰ ਚਰਚਾ ਹੋਈ ਹੈ। ਇਸ ਦੌਰਾਨ ਉਨਾਂ ਨੇ ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਦੇ ਅਕਾਲ ਚਲਾਣੇ ’ਤੇ ਦੁੱਖ ਦਾ ਪ੍ਰਗਟਾਵਾ ਕਰਦਿਆ ਕਿਹਾ ਕਿ ਸਿੱਖ ਸੰਘਰਸ਼ ਵਿੱਚ ਉਨਾਂ ਦਾ ਵੱਡਾ ਯੋਗਦਾਨ ਹੈ ਅਤੇ ਦਲ ਖਾਲਸਾ ਵੱਲੋਂ ਉਨਾਂ ਦੇ ਮਿਸ਼ਨ ਨੂੰ ਅੱਗੇ ਵਧਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ



## ਅੱਡਾ ਨਾਥ ਦੀ ਖੂੰਹੀ ਤੋਂ ਰਾਮ ਦਿਵਾਲੀ, ਭੋਏਵਾਲ , ਅਰਜਨ ਮਾਂਗਾਂ ਦੀ ਲਿੰਕ ਸੜਕ ਦਾ ਬਹੁਤ ਮੰਦਾ ਹਾਲ

### ਸੜਕ ਵਿੱਚ ਬਹੁਤ ਡੂੰਘੇ ਟੋਇਆਂ ਕਾਰਣ ਬਹੁਤ ਵੱਡੇ ਹੁੰਦੇ ਹਨ ਹਾਦਸੇ

ਚੌਕ ਮਹਿਤਾ, 7 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਸੈਂਟਰ ਸਰਕਾਰ ਅਤੇ ਪੰਜਾਬ ਸਰਕਾਰ ਸੜਕਾਂ ਬਹੁਤ ਬਣਾ ਰਹੀ ਹੈ। ਅਤੇ ਚੋੜੀਆ ਵੀ ਕਰ ਰਹੀ ਹੈ ਕਰੋੜਾਂ ਰੁਪਏ ਸੜਕਾਂ ਉੱਤੇ ਖਰਚ ਕਰ ਰਹੀ ਹੈ। ਪ੍ਰੰਤੂ ਸ੍ਰੀ ਅੰਮ੍ਰਿਤਸਰ ਸਾਹਿਬ ਜ਼ਿਲ੍ਹੇ ਵਿੱਚ ਪਿੰਡ ਨਾਥ ਦੀ ਖੂੰਹੀ ਭੋਏਵਾਲ, ਰਾਮ ਦੀਵਾਲੀ, ਸ਼ੂਰੋ ਪੱਡਾ, ਨਵਾਂ ਚੰਨਣਕੇ, ਅਰਜਨ ਮਾਂਗਾਂ ਅਤੇ ਪਿੰਡ ਚੰਨਣਕੇ ਦੀ ਫਿਰਨੀ ਸੜਕਾਂ ਦਾ ਬਹੁਤ ਮਾੜਾ ਹਾਲ ਹੈਂ। ਬਹੁਤ ਵੱਡੇ ਵੱਡੇ ਡੂੰਘੇ ਟੋਏ ਦਾ ਕਾਰਣ ਹਰ ਰੋਜ਼ ਹਾਦਸੇ ਵਾਪਰਦੇ ਹਨ। ਲੋਕਾਂ ਦੇ ਕੀਮਤੀ ਵਾਹਨ ਵੀ ਖਰਾਬ ਹੁੰਦੇ ਹਨ। ਇਨ੍ਹਾਂ ਸੜਕਾਂ ਨੂੰ ਇਤਿਹਾਸਕ ਗੁਰਦੁਆਰੇ ਸਾਹਿਬ ਟਾਹਲੀ ਸਾਹਿਬ, ਇਤਿਹਾਸਕ ਮੰਦਰ ਦੇਵੀ ਦਾ ਚਮਿੰਡਾ, ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ, ਗੁਰਦੁਆਰਾ ਨਾਗੀਅਨ ਸਾਹਿਬ। ਗੁਰਦੁਆਰਾ ਥੰਮ ਸਾਹਿਬ ਉਦੋਕੇ, ਗੁਰਦੁਆਰਾ ਅਚਲ ਸਾਹਿਬ ਅਤੇ ਇਤਿਹਾਸਕ ਸ਼ਹਿਰ ਬਟਾਲਾ ਨੂੰ ਜੋੜਦੀਆਂ ਹਨ। ਅਤੇ ਵੱਡੇ ਵੱਡੇ ਸਕੂਲਾਂ ਕਾਲਜਾਂ ਨੂੰ ਜੋੜਦੀਆਂ ਹਨ। ਪਰ ਕਿਸੇ ਸਰਕਾਰ ਦਾ ਇਨ੍ਹਾਂ ਲਿੰਕ ਸੜਕਾਂ ਵੱਲ ਧਿਆਨ ਨਹੀਂ। ਇਸ ਇਲਾਕੇ ਦੇ ਲੋਕ ਇਨ੍ਹਾਂ ਲਿੰਕ ਸੜਕਾਂ ਤੋਂ ਬਹੁਤ ਪਰੇਸ਼ਾਨ ਹਨ। ਇਸ ਦੌਰਾਨ ਪਿੰਡ ਚੰਨਣਕੇ ਦੀ ਪੰਚਾਇਤ, ਸੂਰੋ ਪੱਡਾ, ਨਾਥ ਦੀ ਖੂੰਹੀ, ਨਵਾਂ ਚੰਨਣਕੇ, ਭੋਏਵਾਲ, ਅਰਜਨ ਮਾਂਗਾਂ ਦੀਆਂ ਪੰਚਾਇਤਾਂ ਵੱਲੋਂ ਸੈਂਟਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਲਿੰਕ ਸੜਕਾਂ ਨੂੰ ਚੋੜਾ ਕੀਤਾ ਜਾਵੇ ਅਤੇ ਇਹ ਸੜਕਾਂ ਨਵੀਆਂ ਬਣਾਈਆਂ ਜਾਣ।

## ਇੰਗਲੈਂਡ ਦੀ ਧਰਤੀ 'ਤੇ ਜਿੱਤੇ 10 ਪਾਰਲੀਮੈਂਟਾਂ ਮੈਂਬਰਾਂ ਨੂੰ ਜਥੇਦਾਰ ਦਾਦੂਵਾਲ ਨੇ ਦਿੱਤੀਆਂ ਸ਼ੁਭ ਕਾਮਨਾਵਾਂ



ਤਲਵੰਡੀ ਸਾਬੋ, 7 ਜੁਲਾਈ (ਗੁਰਜੰਟ ਸਿੰਘ ਨਥੇਹਾ)- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਵਲੈਤ ਦੀ ਧਰਤੀ 'ਤੇ ਹਾਲ ਹੀ ਵਿੱਚ ਹੋਈਆਂ ਚੋਣਾ ਵਿੱਚ ਜਿੱਤੇ 10 ਸਿੱਖ ਪਾਰਲੀਮੈਂਟ ਮੈਂਬਰਾਂ ਨੂੰ ਆਪਣੇ ਵੱਲੋਂ ਸ਼ੁਭ ਕਾਮਨਾਵਾਂ ਭੇਂਟ ਕਰਦਿਆਂ ਵਧਾਈ ਦਿੱਤੀ। ਮੀਡੀਆ ਨਾਲ ਗੱਲਬਾਤ ਕਰਦਿਆਂ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਇਹ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਸਿੱਖਾਂ ਨੇ ਭਾਰਤ ਦੀ ਧਰਤੀ ਤੋਂ ਵਿਦੇਸ਼ਾਂ ਵਿੱਚ ਜਾ ਕੇ ਵੀ ਆਪਣੀ ਮਿਹਨਤ ਮੁਸ਼ੱਕਤ ਦੇ ਨਾਲ ਹਰ ਖੇਤਰ ਬਿਜਨਸ ਵਪਾਰ ਧਾਰਮਿਕ ਰਾਜਨੀਤਕ ਤੌਰ 'ਤੇ ਝੰਡੇ ਗੱਡੇ ਕੇ ਪੰਥ ਦੀ ਆਵਾਜ਼ ਨੂੰ ਬੁਲੰਦ ਕੀਤਾ ਹੈ। ਜਥੇਦਾਰ ਦਾਦੂਵਾਲ ਨੇ ਸਿੱਖ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਤੋਂ ਬਾਹਰ ਪੂਰੇ ਭਾਰਤ ਦੇ ਵੱਖ-ਵੱਖ ਸੂਬਿਆਂ 'ਚ ਅੱਜ ਕੋਈ ਵੀ ਸਿੱਖ ਮੈਂਬਰ ਪਾਰਲੀਮੈਂਟ ਨਹੀਂ ਹੈ ਲੱਖਾਂ ਵਿੱਚ ਅਬਾਦੀ ਹੋਣ ਦੇ ਬਾਵਜੂਦ ਵੀ ਅਜਿਹਾ ਹੋਣਾ ਸਾਡੇ ਲਈ ਚਿੰਤਾ ਦਾ ਵਿਸ਼ਾ ਹੈ। ਉਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸਾਨੂੰ ਆਪਸੀ ਏਕਤਾ ਇਤਫਾਕ ਬਣਾ ਕੇ ਇਸ ਪਾਸੇ ਹੰਭਲਾ ਮਾਰਨਾ ਚਾਹੀਦਾ ਹੈ। ਭਾਰਤ ਦੇ ਸੂਬਿਆਂ ਹਰਿਆਣਾ ਰਾਜਸਥਾਨ ਯੂਪੀ ਜੰਮੂ ਕਸ਼ਮੀਰ ਜਿੱਥੇ ਸਿੱਖਾਂ ਦੀ ਅਬਾਦੀ ਲੱਖਾਂ ਵਿੱਚ ਹੈ। ਉੱਥੇ ਸਾਨੂੰ ਏਕਤਾ ਇਤਫਾਕ ਬਣਾ ਕੇ ਆਪਣੇ ਸਿੱਖ ਪਾਰਲੀਮੈਂਟ ਮੈਂਬਰ ਭੇਜਣੇ ਚਾਹੀਦੇ ਹਨ ਜੋ ਦੇਸ਼ ਦੀ ਸਭ ਤੋਂ ਵੱਡੀ ਪੰਚਾਇਤ ਭਾਰਤ ਦੀ ਪਾਰਲੀਮੈਂਟ ਵਿੱਚ ਸਿੱਖ ਪੰਥ ਸਰਬੱਤ ਦੇ ਭਲੇ ਦੀ ਆਵਾਜ਼ ਨੂੰ ਬੁਲੰਦ ਕਰ ਸਕਣ। ਜਥੇਦਾਰ ਦਾਦੂਵਾਲ ਨੇ ਹਾਲਾਤਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਪੰਥ ਦਰਦੀ ਸਮੁੱਚੇ ਸਿੱਖ ਪੰਥ ਨੂੰ ਏਕਤਾ ਦੀ ਅਪੀਲ ਕੀਤੀ।

## ਬੇਟੀਆਂ ਦਾ ਹੋਵੇਗਾ ਸਨਮਾਨ 20 ਨੂੰ



ਚੌਕ ਮਹਿਤਾ, 7 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਜ਼ਿਲ੍ਹੇ ਦੇ ਸਕੂਲ ਮੁੱਖੀਆਂ, ਸਮਾਜ ਸੇਵੀਆ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇੱਕ ਮੰਚ ਤੇ ਖੜੇ ਕਰਕੇ,ਭਰੂਣ ਹੱਤਿਆ ਖਿਲਾਫ ਹਾਅ ਦਾ ਨਾਅਰਾ ਮਾਰਣ ਸਦਕਾ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਇੰਡੀਆ ਬੁੱਕ ਵਿੱਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੋਮੀਂ, ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਜ਼ਿਲੇ ਦੀ ਨਾਮਵਰ ਸਮਾਜ ਸੇਵੀ ਸੰਸਥਾਂ "ਮਾਣ ਧੀਆਂ 'ਤੇ ਸਮਾਜ ਭਲਾਈ ਸੁਸਾਇਟੀ (ਰਜਿ) ਅੰਮ੍ਰਿਤਸਰ ਅਤੇ ਮੁੱਖ ਸਰਪ੍ਰਸਤ ਹਰਮਬੀਰ ਸਿੰਘ ਗਿੱਲ, ਸਰਪ੍ਰਸਤ ਰਾਜੇਸ਼ ਸ਼ਰਮਾ, ਪ੍ਰਧਾਨ ਗੁਰਿੰਦਰ ਸਿੰਘ ਮੱਟੂ, ਚੈਅਰਮੈਨ ਹਰਦੇਸ ਸ਼ਰਮਾ, ਵਾਇਸ ਚੈਅਰਮੈਨ ਮਖਤੂਲ ਸਿੰਘ ਔਲਖ ਦੀ ਯੋਗ ਅਗਵਾਈ ਹੇਠ ਚੱਲਣ ਵਾਲੀ ਪ੍ਰਸਿੱਧ ਖੇਡ ਸੰਸਥਾ ਸਰਹੱਦ-ਏ- ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਵੱਲੋਂ ਸਾਂਝੇ ਤੌਰ 20 ਜੁਲਾਈ ਨੂੰ ਵਿਰਸਾ ਵਿਹਾਰ (ਗਾਂਧੀ ਗਰਾਊਂਡ) ਅੰਮ੍ਰਿਤਸਰ ਵਿਖ਼ੇ ਕਰਵਾਏ ਜਾਣ ਵਾਲੇ 21ਵੇਂ ਸਾਲਾਨਾ ਇਨਾਮ ਵੰਡ ਸਮਾਰੋਹ ਦਾ ਸੱਦਾ ਪੱਤਰ ਪ੍ਰਸਿੱਧ ਖੇਡ ਪ੍ਰੋਮੋਟਰ ਅਤੇ ਸਮਾਜ ਸੇਵਕ ਸ. ਗੁਰਜਿੰਦਰ ਸਿੰਘ ਜੋਸ਼ਨ ਨੂੰ ਦਿੰਦਿਆਂ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਵਧੇਰੇ ਕਿਹਾ ਕੇ ਇਸ ਵਰ੍ਹੇ ਹੋਣ ਵਾਲੇ ਸਮਾਰੋਹ ਵਿੱਚ 35 ਮੈਰਿਟ ਹੋਲਡਰ ਲੜਕੀਆਂ (10ਵੀਂ ਅਤੇ 12 ਵੀਂ ਕਲਾਸ ਦੀਆ ਮੈਰਿਟ ਹੋਲਡਰ) ਦਾ ਸਨਮਾਨ ਕੀਤਾ ਜਾਵੇਗਾ। ਇਸ ਸਮਾਰੋਹ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਹਰਦੇਸ਼ ਸ਼ਰਮਾ, ਲੈਕਚਰਾਰ ਕੰਵਲਜੀਤ ਕੌਰ ਟੀਨਾ, ਕਰਮਜੀਤ ਕੌਰ ਜੱਸਲ, ਸੀਮਾ ਚੋਪੜਾ, ਗੁਰਮੀਤ ਸਿੰਘ ਸੰਧੂ, ਬਲਜਿੰਦਰ ਸਿੰਘ ਮੱਟੂ, ਦਮਨਪ੍ਰੀਤ ਕੌਰ, ਕੰਵਲਜੀਤ ਸਿੰਘ ਵਾਲੀਆ ਅਤੇ ਅਮਨਦੀਪ ਸਿੰਘ ਦਾ ਸਹਿਯੋਗ ਰਹੇਗਾ।

### ਖ਼ਾਲਸਾਈ ਸ਼ਾਨ ਨਾਲ ਮਨਾਇਆ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦਾ 37ਵਾਂ ਸ਼ਹੀਦੀ ਦਿਹਾੜਾ

## ਭਾਈ ਦਿਆਲਾ ਜੀ ਵਾਂਗ ਇਤਿਹਾਸ ਦੁਹਰਾਉਣ ਵਾਲੇ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਈ ਜਾਵੇ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ







ਅੰਮ੍ਰਿਤਸਰ, 7 ਜੁਲਾਈ ( ਆਵਾਜ਼ਿ ਕੌਮ ਬਿਊਰੋ ): ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਸੰਘਰਸ਼ ਵਿੱਚ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਖ਼ਾਲਿਸਤਾਨ ਕਮਾਂਡੋ ਫੋਰਸ ਦੇ ਜੁਝਾਰੂ ਯੋਧੇ ਅਮਰ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦਾ 37ਵਾਂ ਸ਼ਹੀਦੀ ਦਿਹਾੜਾ ਉਹਨਾਂ ਦੇ ਜੱਦੀ ਪਿੰਡ ਧੀਰਪੁਰ, ਜ਼ਿਲ੍ਹਾ ਜਲੰਧਰ ਵਿਖੇ ਖਾਲਸਾਈ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧੁਰ ਕੀ ਬਾਣੀ ਦਾ ਕੀਰਤਨ ਹੋਇਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਨਰਲ ਸਕੱਤਰ ਪ੍ਰੋਫੈਸਰ ਮਹਿੰਦਰਪਾਲ ਸਿੰਘ, ਦਲ ਖਾਲਸਾ ਦੇ ਆਗੂ ਭਾਈ ਗੁਰਦੀਪ ਸਿੰਘ ਕਾਲਕਟ, ਕੌਮੀ ਇਨਸਾਫ ਮੋਰਚੇ ਦੇ ਆਗੂ ਭਾਈ ਪਾਲ ਸਿੰਘ ਫਰਾਂਸ, ਰਾਜੀਵ ਗਾਂਧੀ ਦੇ ਹਮਲਾ ਕਰਨ ਵਾਲੇ ਜੁਝਾਰੂ ਭਾਈ ਕਰਮਜੀਤ ਸਿੰਘ ਸੁਨਾਮ, ਸਿੱਖ ਸਿਆਸਤ ਦੇ ਸੰਪਾਦਕ ਭਾਈ ਪਰਮਜੀਤ ਸਿੰਘ ਗਾਜੀ, ਭਾਈ ਭੁਪਿੰਦਰ ਸਿੰਘ ਛੇ ਜੂਨ, ਭਾਈ ਗੁਰਨਾਮ ਸਿੰਘ ਸਿੰਗੜੀਵਾਲਾ ਆਦਿ ਨੇ ਪੰਥਕ ਵਿਚਾਰਾਂ ਦੀ ਸਾਂਝ ਪਾਈ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਸੁਪਤਨੀ ਅਤੇ ਸਪੁੱਤਰ ਨੂੰ ਤਵਾਰੀਖ਼ ਸ਼ਹੀਦ ਏ ਖ਼ਾਲਿਸਤਾਨ ਕਿਤਾਬ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਵਿੱਚ ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਉਸ ਦੇ ਮੂੰਹ ਤੇ ਖਰੀਆਂ ਖਰੀਆਂ ਸੁਣਾਈਆਂ। ਉਹਨਾਂ ਕਿਹਾ ਕਿ ਤੁਸੀਂ ਬਾਦਲ ਪਰਿਵਾਰ ਦੇ ਚਮਚੇ ਬਣ ਚੁੱਕੇ ਹੋ ਤੇ ਹਰ ਕੰਮ ਉਹਨਾਂ ਦੇ ਕਹੇ ਤੇ ਕਰਦੇ ਹੋ। ਉਹਨਾਂ ਕਿਹਾ ਧਾਮੀ ਸਾਹਿਬ ਇੱਕ ਪਾਸੇ ਤਾਂ ਤੁਸੀਂ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੇ ਸੰਘਰਸ਼ ਦੇ ਸਾਥੀ ਹੋਣ ਦਾ ਦਾਅਵਾ ਕਰਦੇ ਹੋ ਪਰ ਦੂਜੇ ਪਾਸੇ ਉਹਨਾਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਕਿਉਂ ਨਹੀਂ ਲਗਾ ਰਹੇ। ਉਹਨਾਂ ਕਿਹਾ ਕਿ ਬਾਦਲ ਪਾਰਟੀ ਦਾ ਕੋਈ ਲੀਡਰ ਮਰ ਜਾਵੇ ਤਾਂ ਉਸ ਦੀ ਤਸਵੀਰ ਉਸੇ ਵੇਲੇ ਅਜਾਇਬ ਘਰ ਵਿੱਚ ਲਗਾ ਦਿੱਤੀ ਜਾਂਦੀ ਹੈ, ਇਸ ਅਜਾਇਬ ਘਰ ਨੂੰ ਸ਼ਹੀਦਾਂ ਦਾ ਅਜਾਇਬ ਘਰ ਰਹਿਣ ਦਿਓ, ਇਸ ਨੂੰ ਬਾਦਲ ਪਰਿਵਾਰ ਦਾ ਅਜਾਇਬ ਘਰ ਨਾ ਬਣਾਓ। ਉਹਨਾਂ ਕਿਹਾ ਕਿ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਨੇ ਦੇਗ ਵਿੱਚ ਉਬਾਲੇ ਗਏ ਸ਼ਹੀਦ ਭਾਈ ਦਿਆਲਾ ਜੀ ਵਾਂਗ ਮਾਣਮੱਤਾ ਇਤਿਹਾਸ ਦੁਹਰਾਇਆ ਹੈ ਜਿਨ੍ਹਾਂ ਨੂੰ ਕੜਾਹੇ ਵਿੱਚ ਉਬਾਲ ਕੇ ਪੁਲਿਸ ਵੱਲੋਂ ਸ਼ਹੀਦ ਕੀਤਾ ਗਿਆ ਸੀ। ਪ੍ਰੋਫੈਸਰ ਮਹਿੰਦਰਪਾਲ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ 1946 ਵਿੱਚ ਵੱਖਰੇ ਸਿੱਖ ਰਾਜ ਦਾ ਮਤਾ ਪਾਸ ਕੀਤਾ ਸੀ ਲੇਕਿਨ ਹੁਣ ਸ਼੍ਰੋਮਣੀ ਕਮੇਟੀ ਇਸ ਤੋਂ ਭਗੌੜੀ ਹੋ ਚੁੱਕੀ ਹੈ, ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਉਹਨਾਂ ਦਾ ਸਿੱਖ ਰਾਜ ਦਾ ਸੁਪਨਾ ਸਾਕਾਰ ਕਰੀਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਵੱਡੀ ਕੁਰਬਾਨੀ ਹੈ, ਉਹ ਬਾਣੀ ਬਾਣੇ ਨਾਲ ਜੁੜੀ ਹੋਈ ਮਹਾਨ ਰੂਹ ਸੀ। ਉਹਨਾਂ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਲਗਾਉਣ ਦੀ ਮੰਗ ਬਾਰੇ ਬੋਲਦਿਆਂ ਕਿਹਾ ਕਿ ਸਾਡੀਆਂ ਕਈ ਮਜਬੂਰੀਆਂ ਹਨ, ਸਾਨੂੰ ਵੀ ਸ਼੍ਰੋਮਣੀ ਕਮੇਟੀ ਦੀ ਸੰਸਥਾ ਦੇ ਨਿਯਮਾਂ ਵਿੱਚੋਂ ਲੰਘਣਾ ਪੈਂਦਾ ਹੈ, ਸਮੇਂ ਅਨੁਸਾਰ ਆਪੇ ਸਭ ਕੁਝ ਹੋ ਜਾਵੇਗਾ। ਭਾਈ ਪਰਮਜੀਤ ਸਿੰਘ ਗਾਜੀ ਨੇ ਕਿਹਾ ਕਿ ਅੱਜ ਪੂਰੇ ਸੰਸਾਰ ਵਿੱਚ ਸਿੱਖਾਂ ਦੀ ਗੱਲ ਚੱਲ ਰਹੀ ਹੈ, ਕਿਸਾਨ ਸੰਘਰਸ਼ ਤੋਂ ਬਾਅਦ ਬਹੁਤ ਕੁਝ ਬਦਲ ਚੁੱਕਾ ਹੈ, ਸਿੱਖਾਂ ਦਾ ਭਵਿੱਖ ਸੁਨਹਿਰੀ ਆਉਣ ਵਾਲਾ ਹੈ। ਭਾਈ ਕਰਮਜੀਤ ਸਿੰਘ ਸੁਨਾਮ ਨੇ ਕਿਹਾ ਕਿ ਅੱਜ ਸਾਨੂੰ ਰਾਜਸੀ ਸ਼ਕਤੀ ਦੀ ਵੀ ਲੋੜ ਹੈ ਤਾਂ ਜੋ ਸਾਡੀਆਂ ਸ਼ਹਾਦਤਾਂ ਅਜਾਈਂ ਨਾ ਚਲੀਆਂ ਜਾਣ। ਭਾਈ ਗੁਰਦੀਪ ਸਿੰਘ ਕਾਲਕਟ ਨੇ ਕਿਹਾ ਕਿ ਅਸੀਂ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਤਸਵੀਰ ਅਜਾਇਬ ਘਰ ਵਿੱਚ ਲਗਵਾਉਣ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਬਾਂਹ ਮਰੋੜੀ ਹੋਈ ਹੈ। ਇਸ ਮੌਕੇ ਭਾਈ ਭਜਨ ਸਿੰਘ, ਭਾਈ ਪ੍ਰਤਾਪ ਸਿੰਘ ਫੌਜੀ, ਭਾਈ ਗਗਨਦੀਪ ਸਿੰਘ ਬਾਗੀ ਕਲਮ ਆਦਿ ਇਲਾਕੇ ਦੀਆਂ ਪ੍ਰਸਿੱਧ ਸ਼ਖਸੀਅਤਾਂ ਹਾਜ਼ਰ ਸਨ। ਗੁਰੂ ਕੇ ਲੰਗਰ ਦੀ ਅਤੁੱਟ ਵਰਤੇ।

### ਪਾਖੰਡਵਾਦ ਫੈਲਾਉਣ ਵਾਲੇ ਪਾਖੰਡੀ ਬਾਬਿਆਂ ਦਾ ਪਰਦਾਫਾਸ਼ ਕਰਨ ਲਈ ਕੀਤੀ ਮੀਟਿੰਗ

## 'ਸੰਤਾਂ ਪੀਰਾਂ ਦਾ ਇਤਿਹਾਸ' ਦੀ ਕਿਤਾਬ ਕੀਤੀ ਰਿਲੀਜ਼



ਤਲਵੰਡੀ ਸਾਬੋ, 7 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸੂਫ਼ੀ ਸੰਤ ਸਰਕਾਰ ਲੱਖਦਾਤਾ ਪੀਰ ਟਰੱਸਟ ਦੀ ਮੀਟਿੰਗ ਸੂਫ਼ੀ ਸੰਤ ਟਰੱਸਟ ਦੇ ਸਟਾਰ ਪ੍ਰਚਾਰਕ ਡਾ. (ਪ੍ਰੋ.) ਬਲਦੇਵ ਸਿੰਘ ਚੀਮਾ ਦੀ ਅਗਵਾਈ ਵਿੱਚ ਕੀਤੀ ਗਈ। ਮੀਟਿੰਗ ਵਿੱਚ ਟਰੱਸਟ ਦੇ ਬਹੁਤ ਸਾਰੇ ਮੈਂਬਰਾਂ ਨੇ ਭਾਗ ਲਿਆ। ਇਸ ਮੀਟਿੰਗ ਦਾ ਮੁੱਖ ਵਿਸ਼ਾ ਸੂਫ਼ੀ ਸੰਤਾਂ ਪੀਰਾਂ ਦੇ ਨਾਮ ਤੇ ਪਾਖੰਡਵਾਦ ਦੀ ਸੱਮਸਿਆ ਬਾਰੇ ਵਿਚਾਰ ਕੀਤੀ ਗਈ। ਡਾਕਟਰ ਬਲਦੇਵ ਸਿੰਘ ਚੀਮਾ ਨੇ ਕਿਹਾ ਕਿ ਭਾਵੇਂ ਕਿ 21ਵੀਂ ਸਦੀ ਵਿੱਚ ਸਿੱਖਿਆ ਦਾ ਦੌਰ ਚਲ ਰਿਹਾ ਹੈ ਫਿਰ ਵੀ ਇਹ ਪਾਖੰਡਵਾਦ ਵਿੱਚ ਸਾਡੇ ਪਾਖੰਡੀ ਬਾਬਿਆਂ ਵਲੋਂ ਦਿਨ ਰਾਤ ਵਾਧਾ ਕੀਤਾ ਜਾ ਰਿਹਾ। ਉਹਨਾਂ ਕਿਹਾ ਕਿ ਅੱਜ ਕਲ ਦਿਨੋ-ਦਿਨ ਪਾਖੰਡੀ ਬਾਬੇ ਸੋਸ਼ਲ ਮੀਡੀਆ ਤੇ ਆਪਣੀ ਦੁਕਾਨ ਚਲਾ ਕੇ ਪਾਖੰਡਵਾਦ ਨੂੰ ਫੈਲਾ ਰਹੇ ਹਨ। ਪਾਖੰਡ ਇਹਨਾਂ ਪਾਖੰਡੀਆਂ ਵਲੋਂ ਹਰ ਥਾਂ ਚੋ- ਰਸਤਿਆਂ ਵਿੱਚ ਟੂਣਾ ਟਾਮਣ ਕਰਨਾ, ਲੋਕਾਂ ਨੂੰ ਵਹਿਮਾਂ ਭਰਮਾ ਵਿੱਚ ਪਾਉਣਾ, ਲੋਕਾਂ ਨੂੰ ਝੂਠ ਮਾਰ ਕੇ ਲੁੱਟਣਾ ਆਦਿ ਸੱਮਸਿਆ 'ਤੇ ਚਰਚਾ ਕੀਤੀ ਗਈ। ਰਸਤਿਆਂ ਵਿੱਚ ਟੂਣਾ ਟਾਮਣ ਨਾਲ ਕਈ ਸਥਾਨਾਂ 'ਤੇ ਐਕਸੀਡੈਂਟਾਂ ਲਈ ਘਟਨਾਵਾਂ ਵਾਪਰੀਆਂ ਹਨ। ਇਹਨਾਂ ਪਾਖੰਡੀਆਂ ਕਾਰਨ ਬਹੁਤ ਸਾਰੇ ਲੋਕ ਪੀਰਾਂ ਫ਼ਕੀਰਾਂ ਦੇ ਦੂਰ ਹੁੰਦੇ ਜਾ ਰਹੇ ਹਨ। ਇਹਨਾਂ ਪਾਖੰਡੀਆਂ ਦੇ ਕੋਲ ਕੋਈ ਇਤਿਹਾਸ ਦੀ ਜਾਣਕਾਰੀ ਨਹੀਂ ਮਿਲਦੀ ਬੱਸ ਅਣਭੋਲ ਜਨਤਾ ਨੂੰ ਆਪਣੇ ਪਿੱਛੇ ਲਾ ਕੇ ਆਰਥਿਕ, ਸਮਾਜਿਕ, ਸਰੀਰਕ ਸ਼ੋਸ਼ਣ ਕਰ ਰਹੇ ਹਨ। ਕਈ ਪਾਖੰਡੀ ਤਾਂ ਜੇਲ੍ਹ ਵਿੱਚ ਵੀ ਬੰਦ ਹਨ, ਕਈਆਂ ਤੇ ਕੋਰਟ ਕੇਸ ਚਲ ਰਹੇ ਹਨ। ਉਹਨਾਂ ਕਿਹਾ ਕਿ ਲੋਕਾਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਜੇਕਰ ਸਰਕਾਰ ਵੱਲੋਂ ਇਸ ਪਾਖੰਡਵਾਦ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੀ ਸਮੇਂ ਗੰਭੀਰ ਪ੍ਰਣਾਮ ਦੇਖਣ ਨੂੰ ਮਿਲਣਗੇ। ਇਸਦੇ ਗੰਭੀਰ ਪਰਿਣਾਮਾਂ ਨੂੰ ਦੇਖਦੇ ਹੋਏ ਸਾਡੀ ਸੰਸਥਾ ਨੇ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਰਿੱਟ ਦਰਜ ਕੀਤੀ ਗਈ ਹੈ। ਇਸ ਕੇਸ ਬਾਰੇ ਅਗਲੀ ਸੁਣਵਾਈ 15 ਜੁਲਾਈ ਨੂੰ ਪੰਜਾਬ ਸਰਕਾਰ ਤੋਂ ਜਵਾਬ ਮੰਗਿਆ ਹੈ। ਇਸ ਮੀਟਿੰਗ ਵਿੱਚ ਸੂਫ਼ੀ ਸੰਤਾਂ ਪੀਰਾਂ ਦਾ ਇਤਿਹਾਸ ਕਿਤਾਬ ਵੀ ਰਿਲੀਜ਼ ਕੀਤੀ ਗਈ।

## ਭਾਈ ਅੰਮ੍ਰਿਤਪਾਲ ਸਿੰਘ ਦੇ ਸਹੁੰ ਚੁੱਕਣ 'ਤੇ ਅਕਾਲੀ ਦਲ (ਫਤਿਹ) ਵੱਲੋਂ ਕਰਵਾਈ ਸ਼ੁਕਰਾਨਾ ਅਰਦਾਸ



ਤਲਵੰਡੀ ਸਾਬੋ, 7 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ੍ਰੀ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਲੋਕਾਂ ਵੱਲੋਂ ਭਾਰੀ ਬਹੁਮਤ ਨਾਲ ਜਿਤਾ ਕੇ ਸੰਸਦ ਭੇਜੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਵੱਲੋਂ ਬੀਤੇ ਦਿਨ ਬਤੌਰ ਸੰਸਦ ਮੈਂਬਰ ਸਹੁੰ ਚੁੱਕ ਲਏ ਜਾਣ ਦੇ ਸ਼ੁਕਰਾਨੇ ਵਜੋਂ ਅੱਜ ਸ਼੍ਰੋਮਣੀ ਅਕਾਲੀ ਦਲ (ਫਤਿਹ) ਦੇ ਵਰਕਰਾਂ ਵੱਲੋਂ ਪਾਰਟੀ ਦੇ ਕੌਮੀ ਪ੍ਰਧਾਨ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਦੀ ਅਗਵਾਈ ਹੇਠ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ੁਕਰਾਨਾ ਅਰਦਾਸ ਕਰਵਾਈ ਗਈ। ਅੱਜ ਸਭ ਤੋਂ ਪਹਿਲਾਂ ਪਾਰਟੀ ਵਰਕਰ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਦੀ ਅਗਵਾਈ ਹੇਠ ਤਖਤ ਸਾਹਿਬ ਨਤਮਸਤਕ ਹੋਏ ਅਤੇ ਉਨਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਦੇ ਸ਼ੁਕਰਾਨੇ ਵਜੋਂ ਅਰਦਾਸ ਕਰਵਾਈ। ਅਰਦਾਸ ਉਪਰੰਤ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਨੇ ਗੱਲਬਾਤ ਦੌਰਾਨ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਭਾਈ ਸਰਬਜੀਤ ਸਿੰਘ ਖਾਲਸਾ ਲੋਕਾਂ ਵੱਲੋਂ ਚੁਣੇ ਹੋਏ ਨੁਮਾਇੰਦੇ ਹਨ ਅਤੇ ਉਹ ਹਮੇਸ਼ਾ ਹੀ ਖਾਲਸਾ ਰਾਜ ਸਮੇਤ ਪੰਥਕ ਮਸਲਿਆਂ ਦੀ ਆਵਾਜ਼ ਸੰਸਦ ਚ ਬੁਲੰਦ ਕਰਦੇ ਰਹਿਣਗੇ। ਉਹਨਾਂ ਨੇ ਆਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਬੰਦ ਰੱਖੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਉੱਪਰ ਲਗਾਏ ਕੌਮੀ ਸੁਰੱਖਿਆ ਐਕਟ 'ਚ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਇੱਕ ਸਾਲ ਦਾ ਹੋਰ ਵਾਧਾ ਕਰਨ ਦੀ ਨਿੰਦਾ ਕਰਦੇ ਹੋਏ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਲੋਕਾਂ ਵੱਲੋਂ ਸੰਵਿਧਾਨਿਕ ਤਰੀਕੇ ਨਾਲ ਚੁਣੇ ਗਏ ਨੁਮਾਇੰਦੇ ਨੂੰ ਜੇਲ੍ਹ ਵਿੱਚ ਰੱਖਣਾ ਮੰਦਭਾਗਾ ਹੈ ਇਸਲਈ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਇਸ ਮੌਕੇ ਜਿਲ੍ਹਾ ਬਠਿੰਡਾ ਪ੍ਰਧਾਨ ਜੋਬਨਦੀਪ ਸਿੰਘ ਨੇ ਆਈਆਂ ਸੰਗਤਾਂ ਅਤੇ ਸਮੁੱਚੀ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਸ਼ੁਕਰਾਨਾ ਅਰਦਾਸ ਵਿੱਚ ਪਾਰਟੀ ਦੇ ਸੂਬਾ ਪੱਧਰੀ ਆਗੂ ਸੁਖਚੈਨ ਸਿੰਘ ਅਤਲਾ ਤੋਂ ਇਲਾਵਾ ਸੁਰਿੰਦਰ ਸਿੰਘ ਨਥਾਣਾ, ਪ੍ਰਦੀਪ ਸਿੰਘ ਸੋਨੀ ਬਾਬਾ, ਰਣਜੀਤ ਸਿੰਘ ਲਾਲੇਆਣਾ, ਗਗਨਦੀਪ ਸਿੰਘ ਆਦਿ ਹਾਜ਼ਰ ਸਨ।










**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸ਼ਨਾਖਤੀ ਕਾਰਡਾਂ ਵਿੱਚ ਕਟੌਤੀ ਨੂੰ ਲੈ ਕੇ ਪੱਤਰਕਾਰ 8 ਜੁਲਾਈ ਕਰਨਗੇ ਰੋਸ ਮਾਰਚ

ਚੌਂਕ ਮਹਿਤਾ, 7 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਰਕਾਰ ਵੱਲੋਂ ਫੀਲਡ ਵਿੱਚ ਕੰਮ ਕਰਦੇ ਪੱਤਰਕਾਰਾਂ ਦੇ ਸਰਕਾਰੀ ਕਾਰਡ ਬਣਾਉਣ ਵਿੱਚ ਵੱਡੀ ਕਟਾਉਤੀ ਕਰਨ ਨੂੰ ਲੈ ਕੇ ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਤੇ ਪ੍ਰੈਸ ਕਲੱਬ ਛੇਹਰਟਾ ਵੱਲੋਂ ਸਾਂਝੇ ਤੌਰ 'ਤੇ ਭਲਕੇ 8 ਜੁਲਾਈ ਨੂੰ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਤੇ ਜਿਲ੍ਹਾ ਲੋਕ ਸੰਪਰਕ ਅਧਿਕਾਰੀ ਵੱਲੋ ਕਾਰਡ ਬਣਾਉਣ ਵਿੱਚ ਪੱਖਪਾਤੀ ਰਵੱਈਆ ਕਰਨ ਨੂੰ ਲੈ ਕੇ ਪੱਤਰਕਾਰ ਭਾਈਚਾਰੇ ਵੱਲੋ ਇੱਕ ਰੋਸ ਮਾਰਚ ਸਥਾਨਕ ਭੰਡਾਰੀ ਪੁੱਲ ਤੋ ਕੀਤਾ ਜਾਵੇਗਾ।ਸਮੂਹ ਪੱਤਰਕਾਰਾਂ ਨੂੰ ਸਮੇ ਸਿਰ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ। ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ ਜਸਬੀਰ ਸਿੰਘ ਪੱਟੀ ਤੇ ਪ੍ਰੈਸ ਕਲੱਬ ਛੇਹਰਟਾ ਦੇ ਪ੍ਰਧਾਨ ਹਰਪਾਲ ਸਿੰਘ ਭੰਗੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫੀਲਡ ਵਿੱਚ ਕੰਮ ਕਰਦੇ ਪੱਤਰਕਾਰਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ ਤੇ ਪਹਿਲੀਆਂ ਸਰਕਾਰਾਂ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਤੋਂ ਪੰਜਾਬ ਸਰਕਾਰ ਵਾਂਝਿਆ ਕਰ ਰਹੀ ਹੈ। ਉਹਨਾਂ ਕਿਹਾ ਕਿ 1997 ਵਿੱਚ ਜਦੋਂ ਸ੍ਰ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਬਣੀ ਸੀ ਤਾਂ ਉਹਨਾਂ ਨੇ ਪੱਤਰਕਾਰਾਂ ਨੂੰ ਸਰਕਾਰੀ ਬੱਸਾਂ ਵਿੱਚ ਫਰੀ ਸਫਰ ਕਰਨ ਲਈ ਵਿਸ਼ੇਸ਼ ਪ੍ਰਕਾਰ ਦੇ ਪਾਸ ਜਾਰੀ ਕੀਤੇ ਸਨ ਤੇ ਨਾਲ ਹੀ ਪੱਤਰਕਾਰਾਂ ਨੂੰ ਸ਼ਨਾਖਤੀ ਕਾਰਡ ਵੀ ਜਾਰੀ ਕੀਤੇ।ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਨੇ ਜਿਥੇ ਪੱਤਰਕਾਰਾਂ ਨੂੰ ਬੀਮੇ ਦੀ ਸਹੂਲਤ ਵੀ ਦਿੱਤੀ ਉਥੇ ਪਹਿਲੀਆਂ ਮਿਲਦੀਆਂ ਸਹੂਲ਼ਤਾਂ ਵੀ ਜਾਰੀ ਰੱਖੀਆ ਗਈਆਂ। ਉਹਨਾ ਕਿਹਾ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਬਦਲਾਅ ਵਾਲੀ ਸਰਕਾਰ ਹੋਂਦ ਵਿੱਚ ਆਈ ਹੈ ਇਸ ਨੇ ਹਰ ਵਰਗ ਦੀਆਂ ਸਹੂਲਤਾਂ ਵਿੱਚ ਕਟੌਤੀ ਕਰਨ ਦੇ ਨਾਲ ਨਾਲ ਪੱਤਰਕਾਰਾਂ ਦੇ ਸ਼ਨਾਖਤੀ ਕਾਰਡਾਂ ਤੇ ਵੀ ਟੋਕਾ ਫੇਰ ਕੇ ਪੱਤਰਕਾਰ ਭਾਈਚਾਰੇ ਵਿੱਚ ਰੋਸ ਦੀ ਭਾਵਨਾ ਪੈਦਾ ਕੀਤੀ ਹੈ ਸਰਕਾਰੀ ਅਫਸਰਸ਼ਾਹੀ ਵੱਲੋ ਕੀਤੀ ਜਾ ਰਹੀ ਇਸ ਵਧੀਕੀ ਕਾਰਨ ਪੱਤਰਕਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਤੇ ਭਲਕੇ 8 ਜੁਲਾਈ ਨੂੰ ਸਮੂਹ ਪੱਤਰਕਾਰ ਭਾਈਚਾਰਾ ਸਵੇਰੇ 10 ਵਜੇ ਭੰਡਾਰੀ ਪੁੱਲ ਤੋ ਇੱਕ ਰੋਸ ਮਾਰਚ ਦਾ ਆਰੰਭ ਕਰੇਗਾ ਜਿਹੜਾ ਹਾਲ ਗੇਟ, ਕੋਤਵਾਲੀ , ਕੱਟੜਾ ਜੈਮਲ ਸਿੰਘ ਤੇ ਸਿਕੰਦਰੀ ਗੇਟ ਤੋਂ ਹੁੰਦਾ ਹੋਇਆ ਭੰਡਾਰੀ ਪੁੱਲ ਤੇ ਹੀ ਸਮਾਪਤ ਹੋਵੇਗਾ। ਉਹਨਾਂ ਕਿਹਾ ਕਿ ਮੁੱਖ ਮੰਤਰੀ ਨਾਲ ਪੱਤਰਕਾਰਾਂ ਦੀਆਂ ਮੰਗਾਂ ਨੂੰ ਲੈ ਕੇ ਕਈ ਵਾਰੀ ਸਮਾਂ ਮੰਗਿਆ ਗਿਆ ਪਰ ਢਾਈ ਸਾਲਾਂ ਵਿੱਚ ਮੁੱਖ ਮੰਤਰੀ ਕੋਲ ਪੱਤਰਕਾਰ ਐਸੋਸੀਏਸ਼ਨ ਨੂੰ ਮਿਲਣ ਦਾ ਸਮਾਂ ਨਹੀਂ ਦਿੱਤਾ ਜਾ ਰਿਹਾ।ਪੰਜਾਬ ਵਿੱਚ ਪੱਤਰਕਾਰ ਭਾਈਚਾਰੇ ਦੇ ਪਰਿਵਾਰਾਂ ਦੀਆਂ ਵੋਟਾਂ ਪੰਜ ਲੱਖ ਤੋ ਵਧੇਰੇ ਹਨ ਤੇ ਜਲੰਧਰ ਪੱਛਮੀ ਦੀ ਹੋ ਰਹੀ ਚੋਣ ਵਿੱਚ ਪੱਤਰਕਾਰ ਭਾਈਚਾਰੇ ਦੇ ਪਰਿਵਾਰ ਰੋਸ ਵਜੋਂ ਹਾਕਮ ਧਿਰ ਦੇ ਉਮੀਦਵਾਰ ਦਾ ਬਾਈਕਾਟ ਕਰੇਗਾ ਤੇ ਫਿਰ ਹਾਕਮ ਧਿਰ ਦਾ ਹਸ਼ਰ ਵੀ ਉਹੀ ਹੋਵੇਗਾ ਜਿਹੜਾ ਅੱਜ ਅਕਾਲੀ ਦਲ ਹੋਂਦ ਦੀ ਲੜਾਈ ਲੜ ਰਹੇ ਦਾ ਹੋ ਰਿਹਾ ਹੈ।ਪੱਤਰਕਾਰ ਭਾਈਚਾਰਾ ਸਮਾਜ ਦਾ ਸ਼ੀਸ਼ਾ ਹੁੰਦਾ ਹੈ ਤੇ ਜਿਸ ਨੇ ਵੀ ਇਸ ਨੂੰ ਧੁੰਦਲਾ ਕਰਨ ਦੀ ਕੋਸ਼ਿਸ਼ ਕੀਤੀ ਹੈ ਉਸ ਦੀ ਆਪਣੀ ਹੋਂਦ ਮਿੱਟ ਗਈ ਹੈ। ਇਸੇ ਤਰ੍ਹਾਂ ਸਰਕਾਰੀ ਨਿਯਮਾਂ ਮੁਤਾਬਕ ਕੋਈ ਵੀ ਅਧਿਕਾਰੀ ਇੱਕ ਸਥਾਨ ਤੇ ਸਿਰਫ ਤਿੰਨ ਸਾਲ ਤੱਕ ਰਹਿ ਸਕਦਾ ਹੈ ਪਰ ਅੰਮ੍ਰਿਤਸਰ ਵਿੱਚ ਬੈਠਾ ਜਿਲ੍ਹਾ ਲੋਕ ਸੰਪਰਕ ਅਧਿਕਾਰੀ ਸ਼ੇਰ ਜੰਗ ਸਿੰਘ ਕਈ ਸਾਲਾਂ ਤੋ ਇਥੇ ਪੈਰ ਜਮਾਈ ਬੈਠਾ ਹੈ।ਕਈ ਪ੍ਰਕਾਰ ਦੀਆਂ ਸ਼ਕਾਇਤਾਂ ਹੋਣ ਦੇ ਬਾਵਜੂਦ ਵੀ ਇਸ ਦੀ ਤਬਾਦਲਾ ਨਹੀਂ ਹੋ ਰਿਹਾ ਹੈ। ਇਸ ਅਧਿਕਾਰੀ ਤੇ ਕਈ ਪ੍ਰਕਾਰ ਦੇ ਅਸਾਵਾਂਪਨ ਕਰਨ ਦੇ ਦੋਸ਼ ਲੱਗ ਚੁੱਕੇ ਹਨ ਤੇ ਕਈ ਇਸ਼ਿਤਹਾਰ ਏਜੰਸੀਆਂ ਵਾਲੇ ਵੀ ਦੱਬਵੀ ਅਵਾਜ਼ ਵਿੱਚ ਕਈ ਪ੍ਰਕਾਰ ਦੀਆ ਦੰਦ ਕਥਾਵਾਂ ਦੀ ਬਾਤ ਪਾ ਰਹੇ ਹਨ। ਦੇਸ ਦੇ ਸਾਰੇ ਸੂਬਿਆਂ (ਵਿਸ਼ੇਸ਼ ਕਰਕੇ ਪ੍ਰਧਾਨ ਮੰਤਰੀ ਦੇ ਸੂਬੇ ਗੁਜਰਾਤ) ਵਿੱਚ 60 ਸਾਲ ਤੋਂ ਵੱਧ ਉਮਰ ਵਾਲੇ ਪੱਤਰਕਾਰਾਂ ਨੂੰ ਸਰਕਾਰੀ ਵੈਟਰਨ ਜਰਨਲਿਸਟ ਦੇ ਕਾਰਡ ਜਾਰੀ ਕੀਤੇ ਜਾਂਦੇ ਹਨ ਪਰ ਪੰਜਾਬ ਸਰਕਾਰ ਦੇ ਕੁਝ ਸਰਕਾਰੀ ਅਧਿਕਾਰੀ ਸਰਕਾਰ ਨੂੰ ਬਦਨਾਮ ਕਰਨ ਲਈ ਉਹਨਾਂ ਦੇ ਕਾਰਡ ਬਣਾਉਣ ਤੋਂ ਇਨਕਾਰੀ ਹਨ ਜੋ ਸਰਕਾਰ ਦੀ ਛਵੀ ਨੂੰ ਖਰਾਬ ਕਰਨ ਦਾ ਇੱਕ ਮਨਸੂਬਾ ਹੈ ਕਿਉਕਿ ਵੈਟਰਨ ਪੱਤਰਕਾਰਾਂ ਦਾ ਸਰਕਾਰ ਦੀ ਛਵੀ ਬਣਾਉਣ ਵਿੱਚ ਵੱਡਾ ਰੋਲ ਹੁੰਦਾ ਹੈ। ਮੁੱਖ ਮੰਤਰੀ ਸ੍ਰ ਮਾਨ ਨੂੰ ਚਾਹੀਦਾ ਹੈ ਕਿ ਜਿਲਾਂ ਲੋਕ ਸੰਪਰਕ ਅਧਿਕਾਰੀ ਸ਼ੇਰ ਜੰਗ ਸਿੰਘ ਸਮੇਤ ਸਰਕਾਰ ਲਈ ਬਦਨਾਮ ਦਾ ਕਾਰਨ ਬਣਨ ਵਾਲੀ ਅਫਸਰਸ਼ਾਹੀ ਨੂੰ ਤੁਰੰਤ ਬਦਲਿਆ ਜਾਵੇ ਉਹਨਾਂ ਕਿਹਾ ਕਿ ਜੇਕਰ ਪੱਤਰਕਾਰਾਂ ਦੀਆ ਲੰਮੇ ਸਮੇਂ ਲਟਕਦੀਆਂ ਮੰਗਾਂ ਬਾਰੇ ਤੁਰੰਤ ਵਿਚਾਰ ਨਾ ਕੀਤਾ ਗਿਆ ਤਾਂ ਪੱਤਰਕਾਰ ਭਾਈਚਾਰਾ ਫਿਰ ਸਰਕਾਰ ਨਾਲ ਆਰ ਪਾਰ ਦੀ ਲੜਾਈ ਸ਼ੁਰੂ ਕਰਨ ਲਈ ਮਜਬੂਰ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਬੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All

CATEGORIES OF

MACHINERY.


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

07715128621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

# ਇੱਕ ਨਜ਼ਰ ...



## ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ

ਜੰਡਿਆਲਾ ਗੁਰੂ, 7 ਜਲਾਈ (ਕੁਲਵੰਤ ਸਿੰਘ ਵਿਰਦੀ)- ਦੇਸ ਵਿਦੇਸ਼ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਵੱਲੋਂ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਲੱਗਭੱਗ ਮਹੀਨੇ ਭਰ ਤੋਂ ਮਨਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਖਾਲਸਾ ਆਟੋ ਰਿਕਸ਼ਾ ਯੂਨੀਅਨ ਦੇ ਸਾਬਕਾ ਪ੍ਰਧਾਨ ਅਤੇ ਕਾਂਗਰਸ ਪਾਰਟੀ ਦੇ ਜਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ ਨੇ ਅੱਗੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਅੱਜ ਵੀ ਜੰਡਿਆਲਾ ਗੁਰੂ ਤੋਂ ਗਹਿਰੀ ਮੰਡੀ ਮੋੜ ਵਿਖੇ ਖਾਲਸਾ ਆਟੋ ਰਿਕਸ਼ਾ ਯੂਨੀਅਨ ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਹਨ। ਇਸ ਮੌਕੇ ਛਬੀਲ ਦੀ ਸੇਵਾ ਸ਼ੁਰੂ ਕਰਨ ਤੋ ਪਹਿਲਾ ਬਾਬਾ ਲਖਬੀਰ ਸਿੰਘ ਜੰਡਿਆਲਾ ਗੁਰੂ ਵੱਲੋ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਉਪਰੰਤ ਛਬੀਲ ਵਰਤਾਉਣ ਦੀ ਸੇਵਾ ਸੁਰੂ ਕੀਤੀ ਅਤੇ ਜਿਸ ਵਿੱਚ ਕੜਾਹ ਪ੍ਰਸ਼ਾਦਿ ਛੋਲਿਆਂ ਦੇ ਭਗੂਰ ਦਾ ਪ੍ਰਸ਼ਾਦ ਵੀ ਸੰਗਤਾ ਨੂੰ ਛਕਾਇਆ ਗਿਆ ਇਸ ਮੋਕੇ ਤੇ ਗੁਰਕ੍ਰਿਪਾਲ ਸਿੰਘ ਜੰਡਿਆਲਾ ਗੁਰੂ ਇੰਦਰਪਾਲ ਸਿੰਘ ਠਠੀਆ, ਬਾਬਾ ਲਖਬੀਰ ਸਿੰਘ ਜੰਡਿਆਲਾ ਗੁਰੂ, ਮਨਜੀਤ ਸਿੰਘ ਲਾਟੀ ਗਹਿਰੀ ਮੰਡੀ ਸਾਬਕਾ ਖਾਲਸਾ ਆਟੋ ਰਿਕਸ਼ਾ ਯੂਨੀਅਨ ਦੇ ਪ੍ਰਧਾਨ ਅਤੇ ਕਾਂਗਰਸ ਪਾਰਟੀ ਦੇ ਜਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆ ਸਾਬਕਾ ਪ੍ਰਧਾਨ ਖਾਲਸਾ ਆਟੋ ਰਿਕਸ਼ਾ ਯੂਨੀਅਨ ਜੰਡਿਆਲਾ ਗੁਰੂ ਲਖਬੀਰ ਸਿੰਘ ਲੱਖਾ, ਜਸਪਾਲ ਸਿੰਘ ਨਰੈਣਗੜ੍ਹ, ਅਜੀਤ ਸਾਹ, ਬਲਵਿੰਦਰ ਸਿੰਘ ਜੋਤੀਸਰ, ਹਰਪਾਲ ਸਿੰਘ ਰਾਜੂ, ਬਲਕਾਰ ਸਿੰਘ ਮਾਲਚ ?ਕ, ਜਰਮਨਜੀਤ ਸਿੰਘ, ਰਕੇਸ਼ ਕੁਮਾਰ ਧੀਰੇਕੋਟ, ਹਰਵਿੰਦਰ ਸਿੰਘ ਬਿਟੂ, ਜਸਪਾਲ ਢੰਡ, ਸਿੰਦਾ ਰਾਣਾਕਾਲਾ, ਅਜਮੇਰ ਸਿੰਘ ਜੋਤੀਸਰ, ਮਨਜੀਤ ਸਿੰਘ ਮਿੰਨੀਡੋਰ, ਨਵਦੀਪ ਸਿੰਘ ਛਾਬੜਾ ਅਤੇ ਹੋਰ ਸੇਵਾਦਾਰਾਂ ਵੱਲੋਂ ਸਮੂਹ ਸੰਗਤਾਂ ਦੀਆਂ ਸੇਵਾਵਾਂ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

## ਨਗਰ ਕੌਂਸਲ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਐਡਵੋਕੇਟ ਮਲਹੋਤਰਾ ਨੂੰ ਗਹਿਰਾ ਸਦਮਾ, ਭਰਾ ਹਰੀਸ਼ ਕੁਮਾਰ ਮਲਹੋਤਰਾ ਦਾ ਦੇਹਾਂਤ

ਜੰਡਿਆਲਾ ਗੁਰੂ, 7 ਜੁਲਾਈ ( ਕੁਲਵੰਤ ਸਿੰਘ ਵਿਰਦੀ)- ਨਗਰ ਕੌਂਸਲ ਜੰਡਿਆਲਾ ਗੁਰੂ ਦੇ ਸਾਬਕਾ



ਪ੍ਰਧਾਨ ਐਡਵੋਕੇਟ ਰਾਜ ਕੁਮਾਰ ਮਲਹੋਤਰਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨਾਂ ਦੇ ਛੋਟੇ ਭਰਾ ਹਰੀਸ਼ ਕੁਮਾਰ ਮਲਹੋਤਰਾ (ਪਾਨਾ) ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਛੱਡ ਕਿ ਆਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ। ਮਰਹੂਮ ਹਰੀਸ਼ ਕੁਮਾਰ ਮਲਹੋਤਰਾ ਦਾ ਅੱਜ ਬਾਅਦ ਦੁਪਹਿਰ ਗਊਸ਼ਾਲਾ ਰੋਡ, ਸਥਿਤ ਸ਼ਮਸ਼ਾਨਘਾਟ ਵਿਖੇ ਨਮ ਅੱਖਾਂ ਨਾਲ ਸੰਸਕਾਰ ਕਰ ਦਿੱਤਾ ਗਿਆ ਮਰਹੂਮ ਹਰੀਸ਼ ਕੁਮਾਰ ਮਲਹੋਤਰਾ ਦੇ ਅੰਤਿਮ ਸੰਸਕਾਰ ਮੌਕੇ ਉਨਾਂ ਦੇ ਰਿਸ਼ਤੇਦਾਰਾਂ, ਸੱਜਣਾਂ ਮਿੱਤਰਾਂ ਤੋ ਇਲਾਵਾ ਵੱਖ-ਵੱਖ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਸਖਸ਼ੀਅਤਾਂ, ਜਿੰਨਾਂ 'ਚ ਨਗਰ ਕੌਂਸਲ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਸ਼੍ਰੀ ਰਵਿੰਦਰਪਾਲ ਸਿੰਘ ਕੁੱਕੂ, ਜਥੇ. ਅਮਰਜੀਤ ਸਿੰਘ ਬੰਡਾਲਾ ਮੈਂਬਰ ਸ਼੍ਰੋਮਣੀ ਕਮੇਟੀ, ਰਾਜੀਵ ਕੁਮਾਰ ਮਾਣਾ ਭਾਜਪਾ ਆਗੂ, ਪ੍ਰਿੰਸੀਪਲ ਨੌਨਿਹਾਲ ਸਿੰਘ ਠੱਠੀਆਂ, ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ, ਸਤਿੰਦਰ ਸਿੰਘ, ਨਿਰਮਲ ਸਿੰਘ ਲਾਹੌਰੀਆ ਸਾਬਕਾ ਮੀਤ ਪ੍ਰਧਾਨ, ਰਾਕੇਸ਼ ਕੁਮਾਰ ਰਿੰਪੀ, ਕੁਲਵੰਤ ਸਿੰਘ ਮਲਹੋਤਰਾ, ਆਸ਼ੂ ਵਿਨਾਇਕ, ਪਹਿਲਵਾਨ ਸੁਖਚੈਨ ਸਿੰਘ, ਐਡਵੋਕੇਟ ਸਤਿੰਦਰ ਸਿੰਘ ਲਵਲੀ, ਮਹਿੰਦਰਪਾਲ ਸਿੰਘ ਮਿੰਨਾ, ਪ੍ਰੀਕਸ਼ਤ ਸ਼ਰਮਾ, ਰਾਕੇਸ਼ ਸ਼ਰਮਾ, ਰਛਪਾਲ ਸਿੰਘ ਕਾਲੇ ਸ਼ਾਹ, ਗੁਲਸ਼ਨ ਜੈਨ, ਰਜਨੀਸ਼ ਜੈਨ, ਸੁਰਜੀਤ ਸਿੰਘ ਪ੍ਰਧਾਨ, ਤਜਿੰਦਰ ਸਿੰਘ ਚੰਦੀ, ਨਰਿੰਦਰ ਕੁਮਾਰ, ਰੋਮੀ ਬੱਸੀ, ਰਾਜੇਸ਼ ਕੁਮਾਰ, ਰਾਜੇਸ਼ ਪਾਠਕ, ਸਚਿਨ ਧਵਨ, ਸੰਜੀਵ ਕੁਮਾਰ, ਅਜੈ ਟੱਕਰ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਸਨ ਜਿੰਨਾਂ ਨੇ ਮਲਹੋਤਰਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਇਸ ਮੌਕੇ ਤੇ ਨਾਮਵਰ ਅਤੇ ਧਾਰਮਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ 'ਤੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਮਲਹੋਤਰਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

## ਟਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾਉਣ ਵਾਲਿਆਂ ਦੇ ਕੱਟੇ ਚਲਾਨ




ਸ੍ਰੀ ਹਰਗੋਬਿੰਦਪੁਰ ਸਾਹਿਬ, 7 ਜੁਲਾਈ (ਕੁਲਜੀਤ ਸਿੰਘ ਖੋਖਰ)- ਪੁਲਿਸ ਜ਼ਿਲ੍ਹਾ ਬਟਾਲਾ ਦੇ ਮੁਖੀ ਮੈਡਮ ਅਸ਼ਵਨੀ ਗੁਟਿਆਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਐਸ ਐਚ ਓ ਸ੍ਰੀ ਹਰਗੋਬਿੰਦਪੁਰ ਸਾਹਿਬ ਸਤਪਾਲ ਸਿੰਘ ਜੀ ਦੇ ਹੁਕਮ ਅਨੁਸਾਰ ਨਾਕਾ ਗੁਰਦੁਆਰਾ ਭਾਈ ਮੰਝ ਸਾਹਿਬ ਜੀ ਦੇ ਮੁਲਾਜ਼ਮਾਂ ਨੇ ਹਰੇਕ ਵਾਹਨਾਂ ਨੂੰ ਰੋਕ ਰੋਕ ਕੇ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕ ਕੀਤਾ ਅਤੇ ਜ਼ੋ ਵਿਅਕਤੀ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਹੋਏ ਨਜ਼ਰ ਆਏ ਉਹਨਾਂ ਦੇ ਚਲਾਨ ਵੀ ਕੱਟੇ ਗਏ ਨਾਕੇ ਤੇ ਤਨਾਇਤ ਮੁਲਾਜ਼ਮਾਂ ਵੱਲੋਂ ਹਰ ਆਉਣ ਵਾਲੀਆਂ ਗੱਡੀਆਂ ਨੂੰ ਬੜੀ ਬਾਰੀਕੀ ਨਾਲ ਚੈਕਿੰਗ ਕੀਤਾ ਗਿਆ ਉਹਨਾਂ ਡਿਊਟੀ ਦੌਰਾਨ ਹਰ ਵਿਅਕਤੀ ਨੂੰ ਆਪਣੇ ਕਾਗਜ਼ ਪੂਰੇ ਰੱਖਣ ਲਈ ਪ੍ਰੇਰਿਤ ਕੀਤਾ ਤੇ ਟ੍ਰੈਫਿਕ ਨਿਯਮਾਂ ਸਬੰਧੀ ਬੜੇ ਸੰਖੇਪ ਢੰਗ ਨਾਲ ਜਾਣਕਾਰੀ ਦੇ ਕੇ ਜਾਗਰੂਕ ਕੀਤਾ ਅਤੇ ਭਵਿੱਖ ਵਿੱਚ ਸਾਫ਼ ਸੁਥਰੀ ਡਰਾਈਵਿੰਗ ਕਰਨ ਲਈ ਕਿਹਾ ਇਸ ਨਾਕੇ ਦੌਰਾਨ ਏ ਐਸ ਆਈ ਗਿਆਨ ਸਿੰਘ ਅਤੇ ਏ ਐਸ ਆਈ ਜਸਵੰਤ ਸਿੰਘ ਨੇ ਆਪਣੀ ਡਿਊਟੀ ਬੇਖ਼ੂਬੀ ਨਿਭਾਈ।

### ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਦੇ ਵੱਡੇ ਭਰਾਤਾ ਵੱਲੋਂ ਦੇਸ਼ ਦੀ ਨਿਆਂ ਪ੍ਰਣਾਲੀ ਤੇ ਉਠਾਏ ਵੱਡੇ ਸਵਾਲ

# ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਸੌਂਹ ਚੁਕਾਉਣ ਮੌਕੇ ਜੰਗੀ ਕੈਦੀਆਂ ਤੋਂ ਵੀ ਮਾੜਾ ਸਲੂਕ ਕਰਕੇ ਲੋਕਤੰਤਰ ਦੀ ਕੀਤੀ ਹੱਤਿਆ : ਭਾਈ ਭੁਪਿੰਦਰ ਸਿੰਘ ਗੱਦਲੀ

**ਅਖੀਰ ਵਿੱਚ ਭਾਈ ਭੁਪਿੰਦਰ ਸਿੰਘ ਨੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਤੋਂ ਮੰਗ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਨੇ ਭਾਵੇਂ ਸਰਕਾਰੀ ਪਾਬੰਧੀਆਂ 'ਚ ਹੀ ਸਹੀ ਪਰ ਅੱਜ ਬਤੌਰ ਮੈਂਬਰ ਪਾਰਲੀਮੈਂਟ ਦੇਸ਼ ਦੇ.....**



ਜੰਡਿਆਲਾ ਗੁਰੂ, 7 ਜੁਲਾਈ (ਕੁਲਵੰਤ ਸਿੰਘ ਵਿਰਦੀ)- ਲੋਕ ਸਭਾ ਹਲਕਾ ਖਡੂਰ ਸਾਹਿਬ ਜੀ ਤੋਂ ਆਜ਼ਾਦ ਉਮੀਦਵਾਰ ਵਾਰਿਸ ਪੰਜਾਬ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ ਹੈ ਅਤੇ ਪ੍ਰੰਤੂ ਭਾਰਤ ਦੇਸ਼ ਦਾ ਕਾਨੂੰਨ ਲੋਕਾਂ ਦੇ ਦਿੱਤੇ ਫਤਵੇ ਨੂੰ ਪ੍ਰਵਾਨ ਕਰਦਾ ਹੈ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ 1984 ਵਿੱਚ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਲਈ ਫਾਂਸੀ ਚੜਨ ਵਾਲੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਗੱਦਲੀ ਦੇ ਵੱਡੇ ਭਰਾਤਾ ਭਾਈ ਭੁਪਿੰਦਰ ਸਿੰਘ ਗਦਲੀ ਪ੍ਰੈਸ ਨੋਟ ਜਾਰੀ ਕਰਦਿਆਂ ਹੋਇਆਂ ਅੱਗੇ ਕਿਹਾ ਕਿ ਐਨ ਐਸ ਏ ਅਧੀਨ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਨੂੰ ਬਤੌਰ ਮੈਂਬਰ ਪਾਰਲੀਮੈਂਟ ਸੋਂਹ ਚੁਕਾਉਣ ਲਈ ਜਿਸ ਪ੍ਰਕਾਰ ਦਾ ਰਵਈਆ ਵਰਤ ਕੇ ਭਾਈ ਸਾਹਬ ਨੂੰ ਬੰਦੀ ਬਣਾਂਕੇ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਦਿੱਲੀ ਲਿਆਂਦਾ ਗਿਆ ਹੈ ਬਹੁਤ ਹੀ ਨਿੰਦਣਯੋਗ ਹੈ। ਅੱਗੇ ਭਾਈ ਭੁਪਿੰਦਰ ਸਿੰਘ ਗੱਦਲੀ ਨੇ ਆਪਣੇ ਪ੍ਰੈਸ ਨੋਟ ਰਾਹੀਂ ਦੇਸ਼ ਦੀ ਨਿਆਂ ਪ੍ਰਣਾਲੀ ਤੇ ਬਹੁਤ ਵੱਡੇ ਸਵਾਲ ਖੜੇ ਕੀਤੇ ਹਨ। ਉਹਨਾਂ ਕਿਹਾ ਦੇਸ਼ ਕੌਮ ਲਈ ਹੱਸ-ਹੱਸ ਕੁਰਬਾਨੀਆਂ ਕਰਨ ਵਾਲੀ ਸਿੱਖ ਕੌਮ ਦੇ ਹਿੱਸੇ 95% ਕੁਰਬਾਨੀਆਂ ਆਈਆਂ ਹਨ, ਪ੍ਰੰਤੂ ਦੇਸ਼ ਦੀ ਆਜ਼ਾਦੀ ਤੋਂ ਬਾਅਦ ਬਿਲਕੁਲ ਇਸਦੇ ਉਲਟ ਸਿੱਖਾਂ ਦੇ ਹਿੱਸੇ 5% ਇਨਸਾਫ਼ ਮਿਲਣਾਂ ਤਾਂ ਦੂਰ ਗੱਲ ਸਗੋਂ ਹਰ ਖੇਤਰ ਵਿੱਚ ਸਿੱਖ ਕੌਮ ਨੂੰ ਲਤਾੜਿਆ ਗਿਆ ਤੇ ਸਾਡੇ ਅਧਿਕਾਰਾਂ ਨੂੰ ਦਬਾਇਆ ਗਿਆ ਹੈ। ਉਹਨਾਂ ਕਿਹਾ ਕਿ ਲੰਮੇ ਸਮੇਂ ਤੋਂ ਆਪਣੀਂ ਸਜ਼ਾ ਪੂਰੀ ਕਰ ਚੁੱਕੇ ਸਿੱਖ ਕੌਮ ਦੇ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਅਜੇ ਤੱਕ ਲੰਬਿਤ ਹੈ ਅਤੇ ਉਸ ਤੋਂ ਵੀ ਤਾਜ਼ਾ ਮਿਸਾਲ ਇਸ ਵੇਲੇ ਦੀ ਕੇਂਦਰ ਅਤੇ ਪੰਜਾਬ ਸਰਕਾਰ ਵਲੋਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਉਹਨਾਂ ਦੇ ਸਾਥੀਆਂ ਨਾਲ ਕੀਤੀ ਗਈ ਧੱਕੇਸ਼ਾਹੀ ਤੋਂ ਮਿਲਦੀ ਹੈ। ਜਿਸ ਦਾ. ਲੋਕ ਸਭਾ ਹਲਕਾ ਖਡੂਰ ਸਾਹਿਬ ਅਤੇ ਫਰੀਦਕੋਟ ਦੇ ਲੋਕਾਂ ਨੇ ਪੰਥਕ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਕਰਾਰਾ ਜਵਾਬ ਦਿੱਤਾ ਹੈ। ਪ੍ਰੰਤੂ ਇਸੇ ਲੋਕਤੰਤਰ ਦੀ ਪੂਰੀ ਦੁਨੀਆਂ ਵਿੱਚ ਦੁਹਾਈ ਪਾਰਾ ਕਰਨ ਵਾਲੀ ਸੱਤਾ ਧਿਰ ਨੇ ਕਨੂੰਨ ਦੇ ਹੀ ਨੱਕ ਵਿੱਚ ਨੱਥ ਪਾ ਕੇ ਰੱਖੀ ਹੋਈ ਹੈ ਜਿਸ ਨਾਲ ਉਹ ਜਦੋਂ ਚਾਹਵੇ ਜਿਸ ਤਰਫ਼ ਚਾਹਵੇ ਇਸਨੂੰ ਮੋੜ ਲੈਂਦੀ ਹੈ। ਸ੍ਰ ਭੁਪਿੰਦਰ ਸਿੰਘ ਜੀ ਗੱਦਲੀ ਨੇ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਨੂੰ ਭਾਰੀ ਬਹੁਮਤ ਨਾਲ ਜਿੱਤਣ ਦੇ ਬਾਵਜੂਦ ਵੀ ਸੌਂਹ ਚੁੱਕਣ ਲਈ ਲਿਆਉਣ ਸਮੇਂ ਜੰਗੀ ਕੈਦੀਆਂ ਤੋਂ ਵੀ ਮਾੜਾ ਰਵੱਈਆ ਕਰਨਾਂ, ਉਹਨਾਂ ਤੇ ਤਰਾਂ-ਤਰਾਂ ਦੀਆਂ ਪਾਬੰਦੀਆਂ ਆਇਦ ਕਰਨੀਆਂ, ਪਰਿਵਾਰ ਅਤੇ ਬਾਕੀ ਸਮਰਥਕਾਂ ਨੂੰ ਮਿਲਣ ਨਾਂ ਦੇਣਾਂ, ਪੈਰੋਲ ਦੇ ਕੇ ਵੀ ਕੈਦੀਆਂ ਵਾਲਾ ਸਲੂਕ ਕਰਨਾਂ ਸਰਾਸਰ ਲੋਕਤੰਤਰ ਤੇ ਮਨੁੱਖੀ ਅਧਿਕਾਰਾਂ ਦੀ ਹੱਤਿਆ ਹੈ। ਉਹਨਾਂ ਕਿਹਾ ਕਿ ਇਸ ਵਕਤ ਸਾਰੀ ਦੁਨੀਆਂ ਭਾਰਤ ਵਿੱਚ ਘੱਟ ਗਿਣਤੀਆਂ ਨਾਲ ਖਾਸ ਕਰਕੇ ਸਿੱਖ ਕੌਮ ਨਾਲ ਹੋ ਰਹੀ ਧੱਕੇਸ਼ਾਹੀ ਤੇ ਟਿਕਟਿਕੀ ਲਗਾ ਕੇ ਵੇਖ ਰਹੀ ਹੈ ਜਦੋਂ ਕਿ ਕੈਨੇਡਾ ਅਤੇ ਅਮਰੀਕਾ ਨੇ ਮੋਹਰੀ ਹੋਕੇ ਭਾਰਤ ਦੀਆਂ ਖੁਫੀਆ ਏਜੰਸੀਆਂ ਵੱਲੋਂ ਉਹਨਾਂ ਮੁਲਕਾਂ ਵਿੱਚ ਜਾਕੇ ਸਿੱਖ ਲੀਡਰਾਂ ਦੀਆਂ ਕੀਤੀਆਂ ਨਾਜਾਇਜ਼ ਹੱਤਿਆਵਾਂ ਤੇ ਸਖ਼ਤ ਐਕਸ਼ਨ ਵੀ ਲਿਆ ਹੈ ਤੇ ਭਾਰਤ ਨੂੰ ਸਾਰੀ ਦੁਨੀਆਂ ਦੇ ਕਟਿਹਰੇ ਚ' ਖੜਾ ਕਰ ਦਿੱਤਾ ਹੈ। ਭਾਰਤ ਵੱਲੋਂ ਆਪਣੇ ਅਤੇ ਬਾਹਰਲੇ ਮੁਲਕਾਂ ਵਿੱਚ ਰਹਿ ਰਹੇ ਸਿੱਖਾਂ ਨੂੰ ਨਿਸ਼ਾਨਾ ਬਣਾਉਣਾਂ, ਦੇਸ਼ ਦੀ ਲੋਕਤੰਤਰ ਪ੍ਰਣਾਲੀ ਰਾਹੀਂ ਜਿੱਤੇ ਲੋਕ ਸਭਾ ਉਮੀਦਵਾਰ ਨਾਲ ਹੀ ਕੈਦੀਆਂ ਵਾਲਾ ਸਲੂਕ ਕਰਨਾਂ ਇਕ ਘਟੀਆ ਤੇ ਗਿਰੀ ਹੋਈ ਹਰਕਤ ਹੈ। ਅਖੀਰ ਵਿੱਚ ਭਾਈ ਭੁਪਿੰਦਰ ਸਿੰਘ ਨੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਤੋਂ ਮੰਗ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਨੇ ਭਾਵੇਂ ਸਰਕਾਰੀ ਪਾਬੰਧੀਆਂ ਚ' ਹੀ ਸਹੀ ਪਰ ਅੱਜ ਬਤੌਰ ਮੈਂਬਰ ਪਾਰਲੀਮੈਂਟ ਦੇਸ਼ ਦੇ ਸੰਵਿਧਾਨ ਦੀ ਸੋਂਹ ਚੁੱਕ ਲਈ ਹੈ ਅਤੇ ਉਹ ਵੀ ਹੁਣ ਦੇਸ਼ ਦੀ ਸਰਵ-ਉੱਚ ਪੰਚਾਇਤ ਦੇ ਕਨੂੰਨੀ ਤੌਰ ਮੈਂਬਰ ਬਣ ਗਏ ਹਨ। ਹਣ ਬਾਕੀ ਲੋਕ ਸਭਾ ਮੈਂਬਰਾਂ ਵਾਂਗ ਉਹਨਾਂ ਨੂੰ ਵੀ ਆਪਣੇ ਹਲਕੇ, ਆਪਣੇ ਲੋਕਾਂ ਦੀ ਗੱਲ ਦੇਸ਼ ਦੀ ਪਾਰਲੀਮੈਂਟ ਵਿੱਚ ਰੱਖਣ ਦਾ ਪੂਰਨ ਅਧਿਕਾਰ ਹੈ। ਸੋ ਸੂ ਮੋਟੋ ਲੈਂਦੇ ਹੋਏ ਜਲਦ ਤੋਂ ਜਲਦ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਤੇ ਲੱਗੀ ਐਨ ਐਸ ਏ ਹਟਾ ਕੇ ਉਹਨਾਂ ਨੂੰ ਆਪਣੇ ਲੋਕ ਸਭਾ ਹਲਕੇ ਵਿੱਚ ਵਿਚਰਣ ਦੀ ਇਜਾਜ਼ਤ ਦਿੱਤੀ ਜਾਵੇ।

### ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦਾ

# 12ਵਾਂ ਸਾਂਝਾ ਕਾਵਿ ਸੰਗ੍ਰਹਿ "ਸਮੇਂ ਦੇ ਨਕਸ਼" ਲੋਕ ਅਰਪਿਤ ਸਮਾਗਮ



ਚੌਕ ਮਹਿਤਾ, 7 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪਿਛਲੇ 38 ਸਾਲਾਂ ਤੋਂ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਨਿਰੰਤਰ ਸਾਹਿਤਕ ਸਰਗਰਮੀਆਂ ਚਲਾ ਰਹੀ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ, ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਡਾ: ਲਖਵਿੰਦਰ ਜੌਹਲ (ਪ੍ਰਧਾਨ ਪੰਜਾਬੀ ਰਾਈਟਰਜ਼ ਕੋਆਪ੍ਰੇਟਿਵ ਸੁਸਾਇਟੀ ਲਿਮਟਿਡ) ਵਿਸ਼ੇਸ਼ ਮਹਿਮਾਨ, ਸ: ਹਰਜਿੰਦਰ ਸਿੰਘ ਅਟਵਾਲ (ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਮੁੱਖ ਮਹਿਮਾਨ ਵਜੋਂ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਪ੍ਰਿੰ: ਹਰਬੰਸ ਸਿੰਘ ਘੇਈ (ਐਡੀਸ਼ਨਲ ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ (ਰਿਟਾ:), ਸ: ਸੁਰਿੰਦਰ ਸਿੰਘ ਸੁੰਨੜ (ਪ੍ਰਧਾਨ ਲੋਕ ਮੰਚ ਪੰਜਾਬ), ਡਾ: ਹਰਪ੍ਰੀਤ ਸਿੰਘ ਹੁੰਦਲ, ਪ੍ਰਿੰਸੀਪਲ ਮੰਗਲ ਸਿੰਘ ਕਿਸ਼ਨਪੁਰਾ, ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ, ਇੰਚਾਰਜ ਸੁਖਵਿੰਦਰ ਸਿੰਘ ਬੁਤਾਲਾ, ਪ੍ਰਿੰਸੀਪਲ ਨਿਰਮਲ ਸਿੰਘ ਸਿੱਧੂ ਬੇਦਾਦਪੁਰ, ਸੁਖਦੇਵ ਸਿੰਘ ਭੁੱਲਰ ਸਾ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ ਮੋਹਾਲੀ, ਮਾ: ਮਨਜੀਤ ਸਿੰਘ ਵੱਸੀ (ਕਰਾਜਕਾਰੀ ਮੈਂਬਰ ਕੇਂਦਰੀ ਸਭਾ), ਗਿ: ਗੁਲਜ਼ਾਰ ਸਿੰਘ ਖੈੜਾ (ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਜਸਵਿੰਦਰ ਸਿੰਘ ਢਿੱਲੋਂ ਪ੍ਰਧਾਨ ਪੰਜਾਬੀ ਸਾਹਿਤ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ, ਦਿਲਰਾਜ ਸਿੰਘ ਦਰਦੀ (ਸਾਹਿਤ ਪ੍ਰਚਾਰ ਮੰਚ), ਡਾ: ਲੇਖ ਰਾਜ (ਸੁਜਾਨਪੁਰ), ਗੁਲਸ਼ਨ ਮਿਰਜਾਪੁਰੀ ਜਲੰਧਰ ਆਦਿ ਸ਼ੁਸ਼ੋਭਿਤ ਹੋਏ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਵੱਲੋਂ ਸੰਪਾਦਿਤ ਕੀਤਾ 12ਵਾਂ ਸਾਂਝਾ ਕਾਵਿ ਸੰਗ੍ਰਹਿ "ਸਮੇਂ ਦੇ ਨਕਸ਼" ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ। ਡਾ: ਲਖਵਿੰਦਰ ਸਿੰਘ ਜੌਹਲ ਵੱਲੋਂ ਸੰਪਾਦਿਤ ਮੈਗਜ਼ੀਨ "ਆਪਣੀ ਅਵਾਜ਼" ਦਾ ਸੁਰਜੀਤ ਪਤਾਰ ਵਿਸ਼ੇਸ਼ ਅੰਕ ਵੀ ਵੰਡਿਆ ਗਿਆ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਵੱਲੋਂ ਪੁਸਤਕ "ਸਮੇਂ ਦੇ ਨਕਸ਼" ਵਿੱਚ ਸ਼ਾਮਿਲ 45 ਦੇ ਕਰੀਬ ਲੇਖਕਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਾਮਵਰ ਗਾਇਕ ਮੱਖਣ ਸਿੰਘ ਭੈਣੀਵਾਲਾ, ਅਵਤਾਰ ਸਿੰਘ ਗੋਇੰਦਵਾਲ, ਵਿਨੋਦ ਸ਼ਰਮਾ, ਜਸਵੰਤ ਧਾਪ, ਸੁਰਜੀਤ ਸਿੰਘ ਅਸ਼ਕ, ਅਰਜਿੰਦਰ ਬੁਤਾਲਵੀ, ਲਖਵਿੰਦਰ ਸਿੰਘ ਚੰਦਨ, ਅਜੀਤ ਸਠਿਆਲਵੀ, ਨਵਜੋਤ ਸਿੰਘ ਸਹਾਰੀ, ਸ਼ਿੰਗਾਰਾ ਸਿੰਘ ਸਠਿਆਲਾ, ਪ੍ਰੀਤਪਾਲ ਸਿੰਘ ਗੋਇੰਦਵਾਲੀਆ, ਲਖਵਿੰਦਰ ਸਿੰਘ ਉੱਪਲ ਅਤੇ ਜਸਮੇਲ ਸਿੰਘ ਜੋਧੇ ਆਦਿ ਨੇ ਗਾਇਕੀ ਦੇ ਜੌਹਰ ਦਿਖਾਏ, ਜਦਕਿ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਜਤਿੰਦਰਪਾਲ ਕੌਰ ਭਿੰਡਰ, ਅਮਨ ਢਿੱਲੋਂ ਕਸੇਲ, ਮਨਦੀਪ ਕੌਰ ਰਤਨ ਮਹਿਤਾ, ਰਾਜਬੀਰ ਕੌਰ ਗਰੇਵਾਲ, ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਚੰਦਨਪ੍ਰੀਤ ਕੌਰ ਸਹਾਰੀ, ਸੁਖਬੀਰ ਸਿੰਘ ਖੁਰਮਣੀਆਂ, ਸੁਖਦੇਵ ਸਿੰਘ ਗੰਡਵਾਂ, ਮਾ: ਧਰਮ ਸਿੰਘ ਧਿਆਨਪੁਰੀ, ਬਲਬੀਰ ਸਿੰਘ ਬੇਲੀ, ਜਗਨ ਨਾਥ ਨਿਮਾਣਾ ਉਦੋਕੇ, ਮਾ: ਕਿਰਪਾਲ ਸਿੰਘ ਵੇਰਕਾ, ਰਾਜੀਵ ਮੈਹਣੀਆਂ, ਡਾ: ਕੁਲਵੰਤ ਸਿੰਘ ਬਾਠ, ਸੁਲੱਖਣ ਸਿੰਘ ਦੇਹਲਾਂਵਾਲ, ਸਰਬਜੀਤ ਸਿੰਘ ਪੱਡਾ, ਨਵਦੀਪ ਸਿੰਘ ਬਦੇਸ਼ਾ, ਗੁਰਮੀਤ ਸਿੰਘ ਸ਼ੇਰਗਿੱਲ, ਰਾਜਦਵਿੰਦਰ ਸਿੰਘ ਵੜੈਚ, ਬਲਵਿੰਦਰ ਸਿੰਘ ਅਠੌਲਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਅਰਮਾਨਜੋਤ ਸਿੰਘ ਦਿਓਲ ਆਦਿ ਨੇ ਕਾਵਿ ਰਚਾਨਵਾਂ ਰਾਹੀਂ ਚੰਗਾ ਰੰਗਾ ਬੰਨਿਆ।

## ਬਾਬਾ ਗੁਰਦੇਵ ਸਿੰਘ ਦੀ ਪ੍ਰੇਰਨਾ ਸਦਕਾ ਲਗਾਏ ਡੀਐਸ ਸਟੇਟ ਵਿਖੇ ਪੌਦੇ



ਚੌਕ ਮਹਿਤਾ, 7 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਵਾਤਾਵਰਨ ਦੀ ਸ਼ੁੱਧਤਾ ਲਈ ਹਰੇਕ ਨਾਗਰਿਕ ਨੂੰ ਆਪਣੇ ਆਲੇ ਦੁਆਲੇ ਬੂਟਾ ਲਗਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਚਾਹੀਦੀਆਂ ਹਨ। ਇਹ ਵਿਚਾਰ ਬ੍ਰਹਮ ਗਿਆਨੀ ਸੱਚਖੰਡ ਵਾਸੀ ਸ੍ਰੀ ਮਾਨ ਸੰਤ ਬਾਬਾ ਦਰਸ਼ਨ ਸਿੰਘ ਜੀ ਕੁਲੀ ਵਾਲੇ ਦੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ ਕੁੱਲੀ ਵਾਲਿਆਂ ਪ੍ਰੇਰਨਾ ਸਦਕਾ ਅੱਜ ਡੀਐਸ ਸਟੇਟ ਕਲੋਨੀ ਰਾਮ ਤੀਰਥ ਰੋਡ ਵਿਖੇ ਦੇ ਆਸ ਪਾਸ ਕਈ ਜਗਹਾ ਉੱਪਰ 500 ਤੋਂ ਵਧੇਰੇ ਸ਼ਾਨਦਾਰ ਬੂਟੇ ਲਗਾਏ ਗਏ। ਇਸ ਮੌਕੇ ਰਾਜ ਕੁਮਾਰ ਧਰਨਾ ਸਾਹਿਬ ਸਿੰਘ ਸੀਨਾ ਤਰਨ ਜੋਤ ਸਿੰਘ ਸਿੰਘ ਨੀਰੇ ਚ ਕੁਮਾਰ ਐਡਵੋਕੇਟ ਸੰਦੀਪ ਸਿੰਘ ਸੁਰਜੀਤ ਸਿੰਘ ਗੁਰਮੇਜ ਸਿੰਘ ਨਗਵਿੰਦਰ ਸਿੰਘ ਲਵਪ੍ਰੀਤ ਸਿੰਘ ਜੋਗਾ ਸਿੰਘ ਕਰਨ ਸਿੰਘ ਕੀਰਤ ਸਿੰਘ ਗਰਨੂਰ ਸਿੰਘ ਜੁਗਰਾਜ ਸਿੰਘ ਗਿੱਲਪ੍ਰੀਤ ਸਿੰਘ ਦਿਲਪ੍ਰੀਤ ਸਿੰਘ ਜੋਤ ਸਰੂਪ ਅਨਮੋਲ ਪ੍ਰੀਤ ਸਿੰਘ ਸੰਦੀਪ ਸਿੰਘ ਛੀਨਾ ਗੁਰਜੋਤ ਸਿੰਘ ਮਾਹਲ ਹਰਜਾਪ ਸਿੰਘ ਸੀਨਾ ਜਸਪਾਲ ਸਿੰਘ ਫੌਜੀ ਹਾਜ਼ਰ ਸਨ।

# ਪਾਣੀ ਹੈ ਜੀਵਨ ਦਾ ਅਨਮੋਲ ਰਤਨ ਇਸ ਨੂੰ ਬਚਾਉਣ ਦਾ ਕਰੋ ਯਤਨ ।

## ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥

**ਦਰਿਆਵਾਂ ਵਿੱਚ ਸੁੱਟੇ ਜ਼ਹਿਰਲੇ ਪਾਣੀ ਨੂੰ ਰੋਕਣ ਸਬੰਧੀ 8 ਜੁਲਾਈ ਨੂੰ 1 ਵਜੇ ਨਰੋਆ ਪੰਜਾਬ ਮੰਚ ਵੱਲੋ ਅਹਿਮ ਮੀਟਿੰਗ ਬਾਬਾ ਵਿਸ਼ਵਕਰਮਾ ਗੁਰਦੁਆਰਾ ਸਾਹਿਬ (ਨੇੜੇ ਕੰਮੇਆਣਾ ਚੌਕ ) ਫਰੀਦਕੋਟ ਵਿਖੇ ਕੀਤੀ ਜਾ ਰਹੀ ਹੈ !**

**ਸੋ ਆਓ ਆਪਣਾ ਅਤੇ ਆਪਣੇ ਬੱਚਿਆਂ ਦੇ ਤੰਦਰੁਸਤ ਭਵਿੱਖ ਲਈ ਪਾਰਟੀ ਬਾਜ਼ੀ / ਧੱੜੇਬੰਦੀ ਤੋਂ ਉੱਪਰ ਉੱਠਕੇ ਇਕੱਠੇ ਹੋਈਏ। ਸਰਕਾਰਾਂ ਨੂੰ ਇਹ ਜ਼ਹਿਰ ਰੋਕਣ ਲਈ ਮਜਬੂਰ ਕਰੀਏ ।**






ਸੋ ਆਓ ਇਕੱਠੇ ਹੋ ਕੇ ਹੰਭਲਾ ਮਾਰੀਏ , ਸਮੂਹ ਰਾਜਨੀਤਿਕ ਪਾਰਟੀਆਂ ,
ਕਿਸਾਨ ,ਮਜ਼ਦੂਰ ,ਮੁਲਾਜ਼ਮ,ਵਪਾਰਕ,ਸਮਾਜਿਕ ,ਧਾਰਮਿਕ,ਬੁੱਧੀਜੀਵੀ,ਸਾਹਿਤਿਕ ,
ਵਾਤਾਵਰਨ ਪ੍ਰੇਮੀ ਜੱਥੇਬੰਦੀਆ ਨੂੰ ਨਿਮਰਤਾ ਬੇਨਤੀ ਹੈ ਸਮੇਂ ਸਿਰ ਮੀਟਿੰਗ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ। ਅਗਲੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕਰ ਸਕੀਏ।

ਕਾਲੇ ਪਾਣੀ ਦਾ ਮੋਰਚਾ

## ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਆਗੂ

ਕਾਲੇ ਪਾਣੀ ਦਾ ਮੋਰਚਾ

**ਲੱਖਾ ਸਿੰਘ ਸਿਧਾਣਾ, ਅਮਤੋਜ ਮਾਨ , ਜਸਕੀਰਤ ਸਿੰਘ ਕੈਮੀਕਲ ਇੰਜੀਨੀਅਰ , ਲੁਧਿਆਣਾ (ਕੋਆਰਡੀਨੇਟਰ ਨਰੋਆ ਪੰਜਾਬ ਮੰਚ) ਦਲੇਰ ਸਿੰਘ ਡੋਡ , ਕੰਵਲਜੀਤ ਸਿੰਘ ਬਰਾੜ ਖੋਟੇ, ਮਹਿੰਦਰਪਾਲ ਲੂੰਬਾ (ਮੋਗਾ )ਆਦਿ ।**

ਬੇਨਤੀ ਕਰਤਾ ਗੁਰਪ੍ਰੀਤ ਸਿੰਘ ਚੰਦ ਬਾਜਾ ਭਾਈ ਮੱਘਰ ਸਿੰਘ ਫਰੀਦਕੋਟ

# ਇੱਕ ਨਜ਼ਰ...



## ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੀ ਹੰਗਾਮੀ ਮੀਟਿੰਗ, ਨਵੇਂ ਮੈਂਬਰਾਂ ਦੀ ਹੋਈ ਸ਼ਮੂਲੀਅਤ

ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ) : ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੀ ਹੰਗਾਮੀ ਮੀਟਿੰਗ ਫ਼ਿਰੋਜ਼ਪੁਰ ਵਿਖੇ ਹੋਈ, ਜਿਸ ਦੀ ਅਗਵਾਈ ਭਾਈ ਲਖਵੀਰ ਸਿੰਘ ਮਹਾਲਮ ਵੱਲੋਂ ਕੀਤੀ ਗਈ। ਇਸ ਮੌਕੇ ਮੀਟਿੰਗ ਵਿਚ ਸ਼ਾਮਲ ਹੋਏ ਨਵੇਂ ਸਿੰਘਾਂ ਨੂੰ ਸਿਰੋਪਾਓ ਦੇ ਕੇ ਜਥੇਬੰਦੀ ਵਿਚ ਸ਼ਾਮਲ ਕੀਤਾ ਗਿਆ। ਜਥੇਬੰਦੀ ਵਿਚ ਸ਼ਾਮਲ ਹੋਏ ਭਾਈ ਕਰਨੈਲ ਸਿੰਘ, ਭਾਈ ਜਗਤਾਰ ਸਿੰਘ ਖਾਲਸਾ, ਭਾਈ ਬਲਕਾਰ ਸਿੰਘ, ਭਾਈ ਲਖਵੀਰ ਸਿੰਘ, ਭਾਈ ਸੇਵਾ ਸਿੰਘ, ਭਾਈ ਹਜ਼ਾਰਾ ਸਿੰਘ, ਭਾਈ ਨਿਸ਼ਾਨ ਸਿੰਘ, ਆਸਰੇ ਸਿੰਘ ਨੇ ਮਨੁੱਖ ਨੂੰ ਗੁਰੂ ਗ੍ਰੰਥ ਸਾਹਿਬ ਦੀ ਧਾਰਨਾ ਦੇ ਧਾਰਨੀ ਹੋਣ ਦੀ ਅਪੀਲ ਕਰਦਿਆਂ ਜਥੇਬੰਦੀ ਦੇ ਚੜ੍ਹਦੀ ਕਲਾਂ ਲਈ ਯੋਗਦਾਨ ਪਾਉਣ ਦਾ ਅਹਿਦ ਲਿਆ। ਇਸ ਮੌਕੇ ਭਾਈ ਬਲਕਾਰ ਸਿੰਘ ਸ਼ਹਿਰੀ ਪ੍ਰਧਾਨ, ਭਾਈ ਸੁਖਦੇਵ ਸਿੰਘ, ਭਾਈ ਕੁਲਦੀਪ ਸਿੰਘ ਨੰਦਾ ਸਿੱਖ ਸਟੂਡੈਂਟਸ ਫੈਡਰੇਸ਼ਨ ਪ੍ਰਧਾਨ, ਭਾਈ ਪ੍ਰਭਜੀਤ ਸਿੰਘ ਵੀ ਸ਼ਾਮਲ ਹੋਏ। ਇਸ ਮੌਕੇ ਬੋਲਦਿਆਂ ਭਾਈ ਮਹਾਲਮ ਨੇ ਸਾਰੇ ਨੌਜਵਾਨਾਂ ਨੂੰ ਅਤੇ ਕੌਮ ਨੂੰ ਅਪੀਲ ਕੀਤੀ ਕਿ ਉਹ ਨਸ਼ੇ ਤੋਂ ਦੂਰ ਰਹਿ ਕੇ ਅੰਮ੍ਰਿਤਧਾਰੀ ਹੋ ਕੇ ਸਿੱਖੀ ਦਾ ਪ੍ਰਚਾਰ ਕਰਨ ਤੇ ਗੁਰੂ ਗ੍ਰੰਥ ਸਾਹਿਬ ਦੀ ਸੇਵਾ ਵਿਚ ਤੱਤਪਰ ਰਹਿੰਦੇ ਹੋਏ ਗੁਰਬਾਣੀ ਅਨੁਸਾਰ ਚੱਲਣ। ਇਸ ਮੌਕੇ ਨਿਸ਼ਾਨ ਸਿੰਘ, ਜਗਿੰਦਰ ਸਿੰਘ, ਬਲਵਿੰਦਰ ਸਿੰਘ, ਗੁਰਦੇਵ ਸਿੰਘ, ਸਾਹਿਬ ਸਿੰਘ, ਕੁਲਵੰਤ ਸਿੰਘ, ਮੰਗਲ ਸਿੰਘ, ਮੰਗਲ ਸਿੰਘ ਸਰਪੰਚ, ਸੁੱਖਾ ਸਿੰਘ, ਬਗੀਚਾ ਸਿੰਘ, ਪਿੱਪਲ ਸਿੰਘ, ਨਿਰਮਲ ਸਿੰਘ, ਗੁਰਜੰਟ ਸਿੰਘ, ਗੁਰਦੇਵ ਸਿੰਘ, ਮੱਖਣ ਸਿੰਘ, ਵਿਰਸਾ ਸਿੰਘ, ਛਿੰਦਰ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

## ਪੁਲਿਸ ਨੇ ਨਸ਼ਾ ਵੇਚਣ ਵਾਲਿਆਂ ਦੇ ਘਰਾਂ ਵਿੱਚ ਕੀਤੀ ਰੇਡ, ਚਾਰ ਨੂੰ ਕੀਤਾ ਗ੍ਰਿਫ਼ਤਾਰ



ਸ੍ਰੀ ਹਰਗੋਬਿੰਦਪੁਰ ਸਾਹਿਬ, 7 ਜੁਲਾਈ (ਕੁਲਜੀਤ ਸਿੰਘ ਖੋਖਰ)- ਪੰਜਾਬ ਸਰਕਾਰ ਵੱਲੋਂ ਅਤੇ ਡੀਜੀਪੀ ਪੰਜਾਬ ਦੇ ਹੁਕਮਾਂ ਅਨੁਸਾਰ ਅਤੇ ਐਸ ਐਸ ਪੀ ਬਟਾਲਾ ਮੈਡਮ ਅਸ਼ਵਨੀ ਗੁਟਿਆਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡੀ ਐਸ ਪੀ ਸ੍ਰੀ ਹਰਗੋਬਿੰਦਪੁਰ ਸਾਹਿਬ ਕਕੜ ਜੀ ਦੀ ਨਿਗਰਾਨੀ ਹੇਠ ਅਤੇ ਥਾਣਾ ਮੁਖੀ ਸ੍ਰੀ ਹਰਗੋਬਿੰਦਪੁਰ ਸਾਹਿਬ ਸਤਪਾਲ ਸਿੰਘ ਦੀ ਯੋਗ ਅਗਵਾਈ ਹੇਠ ਪੁਲਿਸ ਨੇ ਨਸ਼ਾ ਵੇਚਣ ਵਾਲਿਆਂ ਦੇ ਘਰਾਂ ਵਿੱਚ ਰੇਡ ਕੀਤੀ ਤੇ ਚਾਰ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ ਥਾਣਾ ਮੁਖੀ ਨੇ ਦੱਸਿਆ ਕਿ ਕਾਬੂ ਕੀਤੇ ਦੋਸ਼ੀ ਨੌਜਵਾਨਾਂ ਨੂੰ ਐਸ਼ ਡੀ ਐਮ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ ਅਗੇ ਉਹਨਾਂ ਕਿਹਾ ਪੁਛ ਗਿਛ ਜ਼ਾਰੀ ਹੈ ਤੇ ਇਹਨਾਂ ਕੋਲੋਂ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਵੈਟਨਰੀ ਏ.ਆਈ ਵਰਕਰਾਂ ਨੂੰ ਪੱਕਾ ਕਰੇ ਆਪ ਸਰਕਾਰ: ਚਮਕੌਰ ਸਿੰਘ ਵੀਰ



ਸੰਗਰੂਰ,7 ਜੁਲਾਈ (ਆਵਾਜ਼ਿ ਕੌਮ ਬਿਊਰੋ) - 2022 ਵਿੱਚ ਸਰਕਾਰ ਬਣਾਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਹਰ ਵਰਗ ਦੇ ਲੋਕਾਂ ਨਾਲ ਤਰ੍ਹਾਂ ਤਰ੍ਹਾਂ ਦੇ ਲਭਾਉਣੇ ਵਾਅਦੇ ਕੀਤੇ ਸਨ ਜਿਵੇਂ ਪਸ਼ੂ ਪਾਲਣ ਵਿਭਾਗ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਏ.ਆਈ ਵਰਕਰਾਂ ਨੂੰ ਪੱਕਾ ਕਰਨਾ, ਮੁਲਾਜ਼ਮਾਂ ਦਾ ਡੀ ਏ ਦਾ ਬਕਾਇਆ ਅਤੇ ਉਨਾਂ ਦਾ ਸੋਧਿਆ ਪੇ ਕਮਿਸ਼ਨ ਲਾਗੂ ਕਰਨਾ, ਗਰੀਬ ਧੀਆਂ ਦੇ ਵਿਆਹ ਸਮੇਂ 51 ਹਜਾਰ ਸਗਨ ਸਕੀਮ, ਬੇਰੁਜ਼ਗਾਰਾਂ ਲਈ ਬੇਰੁਜ਼ਗਾਰੀ ਭੱਤਾ, ਗਰੀਬ ਬੱਚਿਆਂ ਲਈ ਸਕਾਲਰਸ਼ਿਪ, ਹਰ ਔਰਤ ਦੇ ਖਾਤੇ ਚ ਹਰ ਮਹੀਨੇ 1000 ਰੁਪਏ ਸਨਮਾਨ ਭੱਤਾ ਆਦਿ ਵਾਅਦੇ ਕੀਤੇ ਸਨ ਪਰ ਸਰਕਾਰ ਬਣੀ ਨੂੰ ਲਗਭਗ 28 ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਸਗੋਂ ਪੰਜਾਬ ਨੂੰ ਬੇਹੱਦ ਕਰਜਈ ਬਣਾ ਕੇ ਰੱਖ ਦਿੱਤਾ ਹੈ, ਇਹ ਸਰਕਾਰ ਸਿਰਫ ਇਸ਼ਿਤਹਾਰਬਾਜ਼ੀ ਦੀ ਸਰਕਾਰ ਹੈ, ਸਰਕਾਰ ਝੂਠ ਬੋਲਣ ਵਿੱਚ ਵਿਸ਼ਵਾਸ਼ ਰੱਖਦੀ ਹੈ, ਸਾਰੇ ਪੰਜਾਬ ਵਿੱਚ ਕੋਈ ਵਿਕਾਸ ਨਹੀਂ ਹੋਇਆ, ਕੋਈ ਵਰਗ ਵੀ ਇਹਨਾਂ ਦੀ ਕਾਰਗੁਜ਼ਾਰੀ ਤੋਂ ਖੁਸ਼ ਨਹੀਂ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ.ਚਮਕੌਰ ਸਿੰਘ ਵੀਰ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ ਪੰਜਾਬ ਨੇ ਕੀਤਾ , ਉਹਨਾਂ ਸਰਕਾਰ ਨੂੰ ਸਲਾਹ ਦਿੱਤੀ ਕਿ ਲੋਕ ਸਭਾ ਵਿੱਚ ਹੋਈ ਵੱਡੀ ਹਾਰ ਤੋਂ ਸਰਕਾਰ ਨੂੰ ਸਬਕ ਲੈਣਾ ਚਾਹੀਦਾ ਹੈ ਅਤੇ ਜੋ ਵਾਅਦੇ ਕੀਤੇ ਹਨ ਪੂਰੇ ਕਰਨੇ ਚਾਹੀਦੇ ਹਨ ਅਤੇ ਪਿੰਡਾਂ ਵਿੱਚ ਪਸ਼ੂ ਪਾਲਣ ਵਿਭਾਗ ਵਿੱਚ ਏ ਆਈ ਵਰਕਰਾਂ ਦੀਆਂ ਜਾਇਜ ਮੰਗਾਂ ਤੁਰੰਤ ਮੰਨੀਆਂ ਜਾਣੀਆਂ ਚਾਹੀਦੀਆਂ ਹਨ।ਇਸ ਸਮੇਂ ਉਹਨਾਂ ਦੇ ਨਾਲ ਸੂਬੇਦਾਰ ਰਣਧੀਰ ਸਿੰਘ ਨਾਗਰਾ, ਗੁਰਦੇਵ ਸਿੰਘ ਘਾਬਦਾਂ, ਅਵਤਾਰ ਸਿੰਘ ਮੰਗਵਾਲ ,ਜੀਤ ਸਿੰਘ ਬਾਲੀਆਂ, ਭੀਮ ਸਿੰਘ ਨਾਗਰਾ, ਸਤਿਗੁਰ ਸਿੰਘ, ਨਿਰਮਲ ਸਿੰਘ ਮੱਟੂ, ਸੇਵਾ ਸਿੰਘ ਬੰਗਾਵਾਲੀ, ਗੁਰਮੇਲ ਸਿੰਘ ਰੰਗੀਲਾ, ਪ੍ਰਕਾਸ਼ ਸਿੰਘ ਆਦਿ ਮੌਜੂਦ ਸਨ।

### ਸੁਨੱਖੀ ਪੰਜਾਬਣ ਨੇ ਸਾਲ 2024 ਦੇ 6ਵੇਂ ਸੀਜ਼ਨ ਦੇ ਲਈ ਆਡੀਸ਼ਨ ਕਰਵਾਇਆ

## ਔਰਤਾਂ ਲਈ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਵਧੀਆਂ ਪਲੇਟਫ਼ਾਰਮ ਸੁਨੱਖੀ ਪੰਜਾਬਣ: ਡਾ.ਅਵਨੀਤ ਕੌਰ ਭਾਟੀਆ



ਨਵੀਂ ਦਿੱਲੀ, 7 ਜੁਲਾਈ (ਆਵਾਜ਼ਿ ਕੌਮ ਬਿਊਰੋ): ਸੁਨੱਖੀ ਪੰਜਾਬਣ, ਦਿੱਲੀ ਦਾ ਪਹਿਲਾ ਪੰਜਾਬੀ ਸੁੰਦਰਤਾ ਮੁਕਾਬਲਾ, ਪੰਜਾਬੀ ਰੀਤੀ-ਰਿਵਾਜਾਂ ਤੇ ਪਰੰਪਰਾਵਾਂ ਨੂੰ ਉਤਸ਼ਾਹਿਤ ਕਰਦਾ ਹੈ ਅਤੇ ਪੰਜਾਬੀ ਸੱਭਿਆਚਾਰ ਨੂੰ ਪ੍ਰਦਰਸ਼ਿਤ ਕਰਦਾ ਹੈ।ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਝਲਕ ਦਿਖਾਉਣ ਵਾਲਾ ਇਹ ਪਲੇਟਫਾਰਮ ਸਾਲ 2019 ਵਿੱਚ ਸ਼ੁਰੂ ਕੀਤਾ ਗਿਆ ਸੀ।ਸੁਨੱਖੀ ਪੰਜਾਬਣ ਨੇ ਸਫਲਤਾ ਪੂਰਵਕ ਆਪਣੇ 5 ਸਫਲ ਸਾਲ ਪੂਰੇ ਕੀਤੇ ਅਤੇ ਉਸੇ ਤਰਜ਼ 'ਤੇ ਇਸ ਸਾਲ 2024 ਵਿੱਚ ਇਸ ਦੇ 6ਵੇਂ ਸੀਜ਼ਨ ਦਾ ਉਦਘਾਟਨ ਕੀਤਾ ਗਿਆ।ਸੁਨੱਖੀ ਪੰਜਾਬਣ ਨੇ ਦਿਨ ਐਤਵਾਰ ਨੂੰ ਆਪਣਾ ਆਡੀਸ਼ਨ ਸਮਾਪਤ ਕੀਤਾ।ਰਾਜਧਾਨੀ ਦਿੱਲੀ ਦੇ ਆਡੀਸ਼ਨ ਭਾਰਤੀ ਵਿਦਿਆਪੀਠ ਇੰਸਟੀਚਿਊਟ ਆਫ ਕੰਪਿਊਟਰ ਐਪਲੀਕੇਸ਼ਨਜ਼ ਐਂਡ ਮੈਨੇਜਮੈਂਟ, ਪਸ਼ਿਚਮ ਵਿਹਾਰ, ਨਵੀਂ ਦਿੱਲੀ ਵਿਖੇ ਆਯੋਜਿਤ ਕੀਤੇ ਗਏ ਸਨ। ਦਿੱਲੀ ਅਤੇ ਐਨ.ਸੀ.ਆਰ ਦੇ ਪੰਜਾਬੀਆਂ ਨੇ ਆਡੀਸ਼ਨ ਪ੍ਰਕਿਰਿਆ ਦੀ ਸਹੂਲਤ ਦਿੱਤੀ।100 ਦੇ ਕਰੀਬ ਪ੍ਰਤੀਯੋਗੀਆਂ ਨੇ ਸਟੇਜ 'ਤੇ ਪੰਜਾਬੀ ਨਾਟਕ, ਭੰਗੜਾ, ਗਿੱਧਾ ਅਤੇ ਕਵਿਤਾਵਾਂ ਪੇਸ਼ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਅਤੇ ਅਗਲੇ ਪੜਾਅ ਲਈ ਆਪਣੀ ਦਾਅਵੇਦਾਰੀ ਜਤਾਈ।ਇਸ ਮੁਕਾਬਲੇ ਵਿੱਚ 18 ਤੋਂ 35 ਸਾਲ ਦੀ ਉਮਰ ਦੇ ਪੰਜਾਬੀਆਂ ਨੇ ਭਾਗ ਲਿਆ।ਮੁੱਖ ਤੌਰ 'ਤੇ ਸਾਲ 2024 ਲਈ ਆਡੀਸ਼ਨ ਸਿਰਫ਼ ਦਿੱਲੀ ਤੋਂ ਹੀ ਨਹੀਂ ਬਲਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਜਿਵੇਂ ਸੰਗਰੂਰ, ਪਟਿਆਲਾ, ਤਰਨਤਾਰਨ, ਖਰੜ, ਗੁਰਦਾਸਪੁਰ, ਬਰਨਾਲਾ, ਹੁਸਨਾਰ, ਮਾਨਸਾ ਅਤੇ ਹਰਿਆਣਾ, ਮੁੰਬਈ, ਔਰੰਗਾਬਾਦ, ਬਨਾਰਸ ਅਤੇ ਮਥੁਰਾ ਤੋਂ ਵੀ ਸਨ।ਇਸ ਸੀਜ਼ਨ ਵਿੱਚ ਸ਼ਾਨਦਾਰ ਪ੍ਰਤਿਭਾਵਾਂ ਨੂੰ ਜੱਜਾਂ ਦੇ ਇੱਕ ਉੱਘੇ ਅਤੇ ਸਤਿਕਾਰਤ ਪੈਨਲ ਦੁਆਰਾ ਨਿਰਣਾ ਕੀਤਾ ਗਿਆ।ਐਡਵੋਕੇਟ ਮਨਿੰਦਰ ਕੌਰ (ਐਡਵੋਕੇਟ), ਲੇਖਕ ਸ਼ੈਰੀ (ਪ੍ਰਸਿੱਧ ਪਬਲਿਕ ਸਪੀਕਰ ਅਤੇ ਐਮਐਸਟਾਕਸ ਦੇ ਸੰਸਥਾਪਕ), ਡਾ.ਹਰਮੀਤ ਕੌਰ (ਸਹਾਇਕ ਪ੍ਰੋਫੈਸਰ), ਡਾ. ਰਤਨਦੀਪ ਕੌਰ (ਸਹਾਇਕ ਪ੍ਰੋਫੈਸਰ), ਦਵਿੰਦਰ ਕੌਰ ਗੀਤ (ਦਿੱਲੀ ਸੂਬਾ ਸੰਯੁਕਤ ਸਕੱਤਰ ਆਪ) ਅਤੇ ਤਰਨਜੀਤ ਕੌਰ (ਫੁਲਕਾਰੀ ਕਲਾਕਾਰ) ਸ਼ਾਮਲ ਸਨ।ਜਦੋਂਕਿ ਔਨਲਾਈਨ ਆਡੀਸ਼ਨ ਲਈ ਜੱਜਾਂ ਦਾ ਪੈਨਲ ਇਸ ਪ੍ਰਕਾਰ ਸੀ, ਗਗਨਦੀਪ (ਮਾਡਲ), ਗੁਰਜੀਤ ਸਿੰਘ (ਮਾਡਲ), ਆਜ਼ਮੀਨ ਕੌਰ ਖਰਬੰਦਾ (ਰੇਡੀਓ ਪੇਸ਼ਕਾਰ, ਇੰਗਲੈਂਡ, ਯੂ.ਕੇ) ਅਤੇ ਹਰਪ੍ਰੀਤ ਕੌਰ (ਸੁਨੱਖੀ ਪੰਜਾਬਣ ਸੀਜ਼ਨ 5 ਦੀ ਜੇਤੂ)।ਆਡੀਸ਼ਨ ਪ੍ਰਸਿੱਧ ਅਤੇ ਸਤਿਕਾਰਤ ਐਂਕਰ ਜਸਲੀਨ ਕੌਰ ਗੋਤਰਾ ਦੁਆਰਾ ਕਰਵਾਏ ਗਏ।ਹੋਰ ਸੁੰਦਰਤਾ ਮੁਕਾਬਲਿਆਂ ਦੇ ਉਲਟ ਜਿੱਥੇ ਪਸ਼ਿਚਮੀ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ, ਸੁਨੱਖੀ ਪੰਜਾਬਣ ਦੀ ਪ੍ਰਬੰਧਕ ਡਾ. ਅਵਨੀਤ ਕੌਰ ਭਾਟੀਆ ਨੇ ਇਹ ਪਲੇਟਫਾਰਮ ਸਾਰੀਆਂ ਪੰਜਾਬੀ ਕੁੜੀਆਂ ਨੂੰ ਪ੍ਰਦਾਨ ਕੀਤਾ ਹੈ, ਤਾਂ ਜੋ ਸਾਡੇ ਅਮੀਰ ਅਤੇ ਵੱਕਾਰੀ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕੀਤਾ ਜਾ ਸਕੇ।ਇੱਥੇ ਪ੍ਰਤੀਯੋਗੀ ਦਾ ਕੱਦ, ਭਾਰ ਅਤੇ ਵਿਆਹੁਤਾ ਸਥਿਤੀ ਕੋਈ ਮਾਇਨੇ ਨਹੀਂ ਰੱਖਦੀ, ਪਰ ਜੋ ਮਾਇਨੇ ਰੱਖਦਾ ਸੀ, ਉਹ ਉਨ੍ਹਾਂ ਦੀ ਪ੍ਰਤਿਭਾ ਸੀ।ਮੁਕਾਬਲੇ ਦੀ ਸ਼ੁਰੂਆਤ ਆਡੀਸ਼ਨ ਪ੍ਰਕ੍ਰਿਆ ਨਾਲ ਹੋਈ, ਜਿੱਥੇ ਪ੍ਰਤੀਯੋਗੀਆਂ ਨੂੰ ਉਨ੍ਹਾਂ ਦੀ ਪ੍ਰਤਿਭਾ ਅਤੇ ਆਤਮ ਵਿਸ਼ਵਾਸ ਦੇ ਆਧਾਰ 'ਤੇ ਨਿਰਣਾ ਕੀਤਾ ਗਿਆ। ਇਨ੍ਹਾਂ ਵਿੱਚੋਂ 25-28 ਪ੍ਰਤੀਯੋਗੀਆਂ ਨੂੰ ਚੁਣਿਆ ਜਾਵੇਗਾ ਅਤੇ ਗ੍ਰੈਂਡ ਫਿਨਾਲੇ ਲਈ ਤਿਆਰ ਕੀਤਾ ਜਾਵੇਗਾ।ਸੁਨੱਖੀ ਪੰਜਾਬਣ ਸਾਰੀਆਂ ਪੰਜਾਬੀ ਔਰਤਾਂ ਲਈ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ, ਅਤੇ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ ਇੱਕ ਪਲੇਟਫਾਰਮ ਹੈ।ਇਸ ਤੋਂ ਇਲਾਵਾ, ਸੁਨੱਖੀ ਪੰਜਾਬਣ ਦਾ ਉਦੇਸ਼ ਔਰਤਾਂ ਦੇ ਸਸ਼ਕਤੀਕਰਨ, ਸਵੈ-ਮਾਣ, ਸਵੈ-ਵਿਸ਼ਵਾਸ ਨੂੰ ਪੈਦਾ ਕਰਨਾ ਅਤੇ ਕਮਜ਼ੋਰ ਔਰਤਾਂ ਨੂੰ ਉਨ੍ਹਾਂ ਦੀਆਂ ਪ੍ਰਤਿਭਾਵਾਂ ਨੂੰ ਪਛਾਣਨ ਤੇ ਉਨ੍ਹਾਂ ਨੂੰ ਬਿਹਤਰ ਭਵਿੱਖ ਲਈ ਤਿਆਰ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ।

### ਨੀਮਾ ਵੱਲੋਂ ਸੰਗਰੂਰ ਵਿੱਚ ਕਰਵਾਇਆ ਗਿਆ ਆਯੁਰਵੈਦ ਸੈਮੀਨਾਰ


## ਜ਼ਿਲ੍ਹੇ ਭਰ ਤੋਂ ਆਯੁਰਵੈਦ ਅਤੇ ਯੂਨਾਨੀ ਪ੍ਰਣਾਲੀ ਦੇ ਮਾਹਿਰ ਡਾਕਟਰਾਂ ਨੇ ਹਿੱਸਾ ਲਿਆ





ਸੰਗਰੂਰ, 7 ਜੁਲਾਈ ( ਆਵਾਜ਼ਿ ਕੌਮ ਬਿਊਰੋ ) ਭਾਰਤੀ ਇਲਾਜ ਪ੍ਰਣਾਲੀਆਂ ਦੇ ਡਾਕਟਰਾਂ ਦੀ ਜਥੇਬੰਦੀ ਨੈਸ਼ਨਲ ਇੰਟੀਗ੍ਰੇਟਿਡ ਮੈਡੀਕਲ ਐਸੋਸੀਏਸ਼ਨ (ਨੀਮਾ) ਵੱਲੋਂ ਹਿਮਾਲਿਆ ਵੈਲਨੈਸ ਦੇ ਸਹਿਯੋਗ ਨਾਲ ਸਥਾਨਕ ਕਲਾਸਿਕ ਹੋਟਲ ਵਿਖੇ ਇੱਕ ਸੀ.ਐਮ.ਈ. ਕਰਵਾਈ ਗਈ। ਇਸ ਮੌਕੇ ਨੀਮਾ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ: ਰਾਕੇਸ਼ ਸਿੰਗਲਾ ਦੀ ਪ੍ਰਧਾਨਗੀ ਹੇਠ ਹੋਈ। ਡਾ: ਸਿੰਗਲਾ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਡਾਕਟਰੀ ਗਿਆਨ ਵਿੱਚ ਵਾਧਾ ਕਰਦੇ ਹਨ ਅਤੇ ਇਸ ਲਈ ਨੀਮਾ ਸੰਸਥਾ ਭਵਿੱਖ ਵਿੱਚ ਵੀ ਕੰਮ ਕਰਦੀ ਰਹੇਗੀ। ਮੈਂਬਰ ਆਯੁਰਵੈਦਿਕ ਬੋਰਡ ਪੰਜਾਬ ਅਤੇ ਸੀਨੀਅਰ ਫਿਜ਼ੀਸ਼ੀਅਨ ਡਾ: ਰਵੀ ਕਾਂਤ ਮਦਾਨ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਨੀਮਾ ਦੇ ਇਤਿਹਾਸ ਬਾਰੇ ਲੈਕਚਰ ਦਿੱਤਾ। ਉਨ੍ਹਾਂ ਦੱਸਿਆ ਕਿ ਇਹ ਦੇਸ਼ ਦੀ ਇੱਕ ਸੰਸਥਾ ਹੈ ਜੋ ਮਨੁੱਖਤਾ ਦੀ ਸੇਵਾ ਵਿੱਚ ਲਗਾਤਾਰ ਅੱਗੇ ਵੱਧ ਰਹੀ ਹੈ। ਡਾ: ਰਵੀ ਨੇ ਦੱਸਿਆ ਕਿ ਇਸ ਦੀ ਸਥਾਪਨਾ 76 ਸਾਲ ਪਹਿਲਾਂ 1948 ਵਿੱਚ ਹੋਈ ਸੀ ਅਤੇ ਹੁਣ ਨੀਮਾ ਦੀ ਮਹਿਲਾ ਇਕਾਈ ਵੀ ਬਣਾਈ ਗਈ ਹੈ। ਨੀਮਾ ਦੇ ਸਕੱਤਰ ਡਾ: ਲਲਿਤ ਕਾਂਸਲ ਨੇ ਵਾਤ ਰੋਗਾਂ ਬਾਰੇ ਦੱਸਦਿਆਂ ਕਿਹਾ ਕਿ ਆਯੁਰਵੇਦ ਅਨੁਸਾਰ ਵਾਤ ਦੇ ਖ਼ਰਾਬ ਹੋਣ ਨਾਲ ਹੀ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ।ਵਾਤ ਦੋਸ਼ ਹਵਾ ਨਾਲ ਜੁੜਿਆ ਹੋਇਆ ਹੈ। ਵਾਤ ਸਰੀਰ ਵਿੱਚ ਖੂਨ ਦੇ ਪ੍ਰਵਾਹ ਨੂੰ ਸਹੀ ਰੱਖਣ ਵਿੱਚ ਮਦਦ ਕਰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਨੁਕਸ ਕਾਰਨ ਤੁਹਾਨੂੰ ਗੋਡਿਆਂ ਵਿੱਚ ਦਰਦ, ਹੱਡੀਆਂ ਵਿੱਚ ਕੈਵਿਟੀ, ਸਰੀਰ ਵਿੱਚ ਤੇਜ਼ ਦਰਦ, ਲੱਤਾਂ ਵਿੱਚ ਕੜਵੱਲ, ਰੁੱਖੀ ਚਮੜੀ ਅਤੇ ਕਮਜ਼ੋਰ ਸਰੀਰ ਹੋ ਸਕਦਾ ਹੈ।ਡਾ: ਲਲਿਤ ਨੇ ਹਾਰਸ਼ਿੰਗਾਰ, ਪਾਰਿਜਾਤ, ਨਿਰਗੁੰਡੀ ਅਤੇ ਐਲੋਵੇਰਾ ਜੂਸ ਪੀਣ ਦੇ ਫਾਇਦਿਆਂ ਬਾਰੇ ਵੀ ਦੱਸਿਆ। ਉਨ੍ਹਾਂ ਕਿਹਾ ਕਿ ਲਹਸੁਣ ਵਾਤ ਨਾਸ਼ ਕਰਨ ਵਾਲਾ ਹੈ ਅਤੇ ਰੋਜ਼ਾਨਾ ਭੋਜਨ ਵਿੱਚ ਇਸ ਦੀ ਵਰਤੋਂ ਕਰਨੀ ਚਾਹੀਦੀ ਹੈ। ਇਸ ਮੌਕੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਡਾ: ਅਮਨ ਕੌਸ਼ਲ, ਡਾ: ਪਵਨ ਅਗਰਵਾਲ, ਡਾ: ਐਮ.ਐਸ ਖਾਨ, ਡਾ: ਕਾਫਿਲਾ ਖ਼ਾਨ, ਡਾ: ਰੇਣੂ ਮਦਾਨ, ਡਾ: ਰਜਨੀ ਸ਼ਰਮਾ, ਡਾ: ਰੇਣੂਕਾ ਕੌਸ਼ਲ, ਡਾ: ਸੰਜੇ ਸ਼ਰਮਾ, ਡਾ. ਸੁਰੇਸ਼ ਗਰਗ, ਡਾ: ਦਵਿੰਦਰ ਧੂਰੀ, ਡਾ: ਅਲੀਜ਼ਾ, ਗੁਰਪ੍ਰੀਤ ਸਿੰਘ ਪੀ.ਆਰ.ਓ., ਡਾ: ਯਸ਼ਦੀਪ ਗੋਇਲ, ਡਾ: ਸੁਭਾਸ਼ ਧਾਰੀਵਾਲ ਅਤੇ ਡਾ: ਹਰਪ੍ਰੀਤ ਸਿੰਘ ਭੰਡਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



Nankana Sahib Yatra Committe Uk
pakistan gurdwara yatra
6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

# ਇੱਕ ਨਜ਼ਰ



## ਕੈਬਨਿਟ ਮੰਤਰੀ ਜਿੰਪਾ ਨੇ ਮਾਡਲ ਟਾਊਨ ਕਲੱਬ 'ਚ ਡਾਈਨਿੰਗ ਲਾਉਂਜ ਤੇ ਹੋਰ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

### ਕਲੱਬ ਦੇ ਵਿਕਾਸ ਕਾਰਜ ਲਈ ਆਪਣੇ ਅਖਤਿਆਰੀ ਫੰਡ 'ਚੋਂ ਦਿੱਤੀ ਸੀ 5 ਲੱਖ ਰੁਪਏ ਦੀ ਗਰਾਂਟ

ਹੁਸ਼ਿਆਰਪੁਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)- ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਮਾਡਲ ਟਾਊਨ ਕਲੱਬ ਹੁਸ਼ਿਆਰਪੁਰ ਵਿਖੇ ਪਹੁੰਚ ਕੇ ਕਲੱਬ ਦੇ ਡਾਈਨਿੰਗ ਲਾਉਂਜ ਤੇ ਹੋਰ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਕਲੱਬ ਨੂੰ ਆਪਣੇ ਅਖਤਿਆਰੀ ਫੰਡ ਵਿਚੋਂ 5 ਲੱਖ ਰੁਪਏ ਦੀ ਗਰਾਂਟ ਦਿੱਤੀ ਸੀ, ਜਿਸ ਨਾਲ ਕਲੱਬ ਦੀ ਕਮੇਟੀ ਵਲੋਂ ਕਲੱਬ ਵਿਚ ਵਿਕਾਸ ਕਾਰਜ ਕਰਵਾਏ ਗਏ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮਾਡਲ ਟਾਊਨ ਕਲੱਬ ਸ਼ਹਿਰ ਦੇ ਉਘੇ ਕਲੱਬਾਂ ਵਿਚੋਂ ਇਕ ਹੈ ਜੋ ਕਿ ਸਮੇਂ-ਸਮੇਂ ਆਪਣੀ ਸਮਾਜਿਕ ਜ਼ਿੰਮੇਵਾਰੀਆਂ ਦਾ ਬਾਖੂਬੀ ਭੂਮਿਕਾ ਅਦਾ ਕਰਦਾ ਹੈ। ਇਸ ਦੌਰਾਨ ਉਨ੍ਹਾਂ ਕਲੱਬ ਦੇ ਵਿਹੜੇ ਵਿਚ ਪੌਦੇ ਲਗਾ ਕੇ ਸੋਨਾਲੀਕਾ ਦੇ ਸਹਿਯੋਗ ਨਾਲ ਕਲੱਬ ਦੇ ਮੈਂਬਰਾਂ ਵਲੋਂ ਸ਼ੁਰੂ ਕੀਤੇ ਗਏ ਵਾਤਾਵਰਣ ਸੁਰੱਖਿਆ ਪ੍ਰੋਗਰਾਮ ਦੀ ਵੀ ਸ਼ੁਰੂਆਤ ਕਰਵਾਈ। ਉਨ੍ਹਾਂ ਕਿਹਾ ਕਿ ਕਲੱਬ ਵਲੋਂ ਸਾਫ-ਸੁਥਰਾ ਵਾਤਾਵਰਣ ਰੱਖਣ ਲਈ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਮਾਨਸੂਨ ਮੌਸਮ ਦੌਰਾਨ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਅਪੀਲ ਕੀਤੀ। ਇਸ ਮੌਕੇ ਸੋਨਾਲੀਕਾ ਤੋਂ ਏ.ਐਸ ਕੇ ਪੋਮਰਾ, ਕਲੱਬ ਦੇ ਪ੍ਰਧਾਨ ਪਰਮਿੰਦਰ ਚੀਮਾ, ਉਪ ਪ੍ਰਧਾਨ ਰਾਜੀਵ ਓਹਰੀ, ਜਨਰਲ ਸਕੱਤਰ ਗੁਰਪਾਲ ਸਿੰਘ, ਕਾਰਜਕਾਰੀ ਮੈਂਬਰ ਜੰਜੂਆ ਕੁਲਦੀਪ ਕੋਹਲੀ, ਏ ਕੇ ਸੇਠੀ, ਬਲਜੀਤ ਸਿੰਘ, ਡਾ. ਵਰਮਾ, ਵਿਕਾਸ ਅਗਰਵਾਲ, ਡੋਲੀ ਚੀਮਾ, ਯੋਗ ਰਾਜ ਟਕਰਾ, ਡਾ. ਬਲਵਿੰਦਰ ਸਿੰਘ, ਡਾ. ਸਵਾਤੀ (ਐਸ.ਐਮ.ਓ), ਹਰੀਸ਼ ਠਾਕੁਰ, ਮਲਕੀਅਤ ਮਹੇਰੂ, ਕਰਨਲ ਸੁਰਜੀਤ ਸਿੰਘ, ਵਿਵੇਕ ਸਾਹਨੀ, ਬਹਾਦਰ ਸਿੰਘ, ਰਚਨਾ ਕੌਰ, ਬਿੰਦਰਾ, ਕੇ ਐਲ ਖੁੱਲਰ, ਕਮਲਜੀਤ ਕਟਾਰੀਆ, ਐਡਵੋਕੇਟ ਅਮਰਜੋਤ ਸੈਣੀ ਵੀ ਮੌਜੂਦ ਸਨ।

## ਹੁਸ਼ਿਆਰਪੁਰ ਦੇ ਵਿਅਕਤੀ ਦੀ ਬਹਿਰੀਨ 'ਚ ਦਿਲ ਦਾ ਦੌਰਾ ਪੈਣ ਨਾਲ ਹੋਈ ਮੌਤ



ਹੁਸ਼ਿਆਰਪੁਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)- ਹੁਸ਼ਿਆਰਪੁਰ ਸ਼ਹਿਰ ਦੇ ਮਹੱਲਾ ਟਿੱਬਾ ਸਾਹਿਬ ਦੀ ਗਲੀ ਨੰਬਰ 15 ਵਿੱਚ ਰਹਿੰਦੇ ਇੱਕ ਪਰਿਵਾਰ ਦੇ ਇਕਲੌਤੇ ਪੁੱਤਰ ਅਤੇ ਤਿੰਨਾਂ ਭੈਣਾਂ ਦੇ ਇਕਲੌਤੇ ਵੀਰ ਦੀ ਬਹਿਰੀਨ ਵਿੱਚ ਦਿਲ ਦੀ ਧੜਕਣ ਬੰਦ ਹੋਣ ਨਾਲ ਮੌਤ ਹੋ ਜਾਣ ਦੀ ਦਰਦਨਾਕ ਖਬਰ ਮਿਲੀ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਹੁਸ਼ਿਆਰਪੁਰ ਸ਼ਹਿਰ ਦੇ ਮਹੱਲਾ ਟਿੱਬਾ ਸਾਹਿਬ ਦੀ ਗਲੀ ਨੰਬਰ 15 ਦੇ ਵਸਨੀਕ ਸਵ. ਜੋਗਿੰਦਰ ਸਿੰਘ (ਸੀਕਰੀ ਵਾਲੇ ) ਦਾ ਇਕਲੌਤਾ ਮਹਿੰਦਰ ਸਿੰਘ (54) ਪਿਛਲੇ ਕੁੱਝ ਸਾਲਾਂ ਤੋਂ ਬਹਿਰੀਨ ਵਿੱਚ ਰੋਜ਼ੀ ਰੋਟੀ ਕਮਾਉਣ ਲਈ ਗਿਆ ਹੋਇਆ ਸੀ, ਲੰਘੇ ਵੀਰਵਾਰ ਨੂੰ ਜਦੋਂ ਉਹ ਆਪਣੇ ਕਮਰੇ ਵਿੱਚ ਆਰਾਮ ਕਰ ਰਿਹਾ ਸੀ ਤਾਂ ਉਸ ਦੇ ਸਾਥੀਆਂ ਨੇ ਉਸ ਨੂੰ ਰਿਹਾਇਸ਼ੀ ਕਮਰੇ ਦੇ ਫਰਸ਼ ਤੇ ਅਣਕਿਆਸੀ ਹਾਲਤ ਵਿੱਚ ਲੇਟਿਆਂ ਵੇਖਿਆ ਜਿਸ ਦੀ ਹਾਲਤ ਬਹੁਤ ਨਾਜ਼ੁਕ ਸੀ, ਸਾਥੀਆਂ ਵੱਲੋਂ ਤੁਰੰਤ ਉਸ ਨੂੰ ਐਬੂਲੈਂਸ ਬੁਲਾ ਕੇ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ, ਮ੍ਰਿਤਕ ਮਹਿੰਦਰ ਸਿੰਘ ਆਪਣੇ ਬੱਚੇ ਵਿਧਵਾ ਬਜ਼ੁਰਗ ਮਾਤਾ ਗੁਰਜੀਤ ਕੌਰ, ਪਤਨੀ ਮਨਜੀਤ ਕੌਰ ਅਤੇ ਇਕਲੌਤਾ ਪੁੱਤਰ ਰਾਜਵੀਰ ਸਿੰਘ (17) ਅਤੇ ਤਿੰਨ ਭੈਣਾਂ ਨੂੰ ਰੋਂਦਿਆਂ ਵਿਲੱਖਦਿਆਂ ਛੱਡ ਗਿਆ ।

## ਕੀਰਤੀ ਨਗਰ ਦੀ ਨੂੰਹ ਇਟਲੀ 'ਚ ਬਣੀ ਪੰਚਾਇਤ ਮੈਂਬਰ



ਹੁਸ਼ਿਆਰਪੁਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬੀਆਂ ਨੇ ਪੂਰੀ ਦੁਨੀਆਂ ਅੰਦਰ ਆਪਣਾ ਦਬਦਬਾ ਬਣਾਇਆ ਹੋਇਆ ਹੈ, ਇਹ ਵੀ ਕਿਹਾ ਜਾ ਸਕਦਾ ਕਿ ਪੰਜਾਬੀਆਂ ਦਾ ਵਿਸ਼ਵ ਭਰ ਵਿਚ ਸਿੱਕਾ ਚੱਲਦਾ ਹੈ। ਭਾਰਤੀ ਮੂਲ ਦੇ ਬਹੁਤੇ ਲੋਕਾਂ ਨੇ ਵਿਦੇਸ਼ਾਂ ਵਿਚ ਧਾਰਮਿਕ,ਸਮਾਜਿਕ ਤੇ ਰਾਜਨੀਤਕ ਪਲੇਟਫਾਰਮ ਤੇ ਕਾਮਯਾਬੀ ਦੇ ਝੰਡੇ ਗਡ ਕੇ ਮੱਲਾਂ ਮਾਰੀਆਂ ਹਨ ਤੇ ਸਫਲਤਾਵਾਂ ਪ੍ਰਾਪਤ ਕੀਤੀਆਂ ਹਨ। ਇਸੇ ਕੜੀ ਵਿਚ ਇਕ ਨਾਮ ਹੋਰ ਜੁੜਿਆ ਜਦੋਂ ਕੀਰਤੀ ਨਗਰ ਹੁਸ਼ਿਆਰਪੁਰ ਦੇ ਵਾਸੀ ਇੰਜੀ.ਇੰਦਰਜੀਤ ਬੱਧਣ,ਸ੍ਰੀਮਤੀ ਗੁਰਦੇਵ ਕੌਰ ਪਰਿਵਾਰ ਦੀ ਨੂੰਹ ਪੂਜਾ ਰਾਣੀ ਪਤਨੀ ਅਸ਼ਵਨੀ ਕੁਮਾਰ ਜੂਨ 2024 ਨੂੰ ਹੋਈਆਂ। ਇਟਲੀ ਦੀਆਂ ਪੰਚਾਇਤੀ ਚੋਣਾਂ ਚੋਂ ਜਿੱਤ ਹਾਸਿਲ ਕਰਕੇ ਪੰਚ ਬਣ ਕੇ ਪੰਜਾਬ, ਭਾਰਤ ਅਤੇ ਆਪਣੇ ਜਿਲੇ ਦਾ ਨਾਮ ਰੌਸ਼ਨ ਕੀਤਾ। ਪੂਜਾ ਰਾਣੀ ਪੁੱਤਰੀ ਪਿਤਾ ਕ੍ਰਿਸ਼ਨ ਹੀਰਾ ਮਾਤਾ ਕਮਲਜੀਤ ਕੌਰ ਪਿੰਡ ਨੰਗਲ ਸਲਾਲਾ ਹਲਕਾ ਆਦਮਪੁਰ ਜਲੰਧਰ ਜੋ ਕਿ 33 ਸਾਲ ਦੀ ਉਮਰ ਵਿੱਚ ਇਟਲੀ ਦੇ ਪਿੰਡ ਵੇਸਕੋਵਾਤੋ, ਜਿਲ੍ਹਾ ਕਰੇਮੋਨਾ ਵਿਖੇ ਪੰਚ ਬਣੀ ਹੈ। ਇਟਲੀ ਵਿਖੇ ਰਹਿ ਰਹੇ ਪਰਿਵਾਰ ਨੂੰ ਬਹੁਤ ਲੋਕਾਂ ਵਲੋਂ ਦੇਸ਼ ਵਿਦੇਸ਼ ਤੋਂ ਵਧਾਈ ਸੰਦੇਸ਼ ਭੇਜੇ ਗਏ ਹਨ। ਇਸੇ ਸਬੰਧੀ ਹੁਸ਼ਿਆਰਪੁਰ ਦੇ ਪ੍ਰਸਿੱਧ ਸਮਾਜਸੇਵੀ ਬਹੁਜਨ ਸਮਾਜ ਦੇ ਸੀਨੀਅਰ ਆਗੂ ਠੇਕੇਦਾਰ ਭਗਵਾਨ ਦਾਸ ਸਿੱਧੂ, ਐਡਵੋਕੇਟ ਰਣਜੀਤ ਕੁਮਾਰ ਪ੍ਰਧਾਨ ਬਾਰ ਐਸੋਸ਼ੀਏਸ਼ਨ ਜਿਲਾ ਹੁਸ਼ਿਆਰਪੁਰ, ਇੰਜੀ.ਸਤਪਾਲ ਭਾਰਦਵਾਜ, ਐਡਵੋਕੇਟ ਹਨੀ ਅਜਾਦ,ਐਡਵੋਕੇਟ ਧਰਮਿੰਦਰ ਦਾਦਰਾ,ਐਡਵੋਕੇਟ ਪਲਵਿੰਦਰ ਮਾਨਾ ਨੇ ਵੀ ਇਟਲੀ ਰਹਿੰਦੇ ਪਰਿਵਾਰ ਅਤੇ ਇੰਜੀ.ਇੰਦਰਜੀਤ ਬੱਧਣ ਨੂੰ ਪੂਜਾ ਰਾਣੀ ਦੀ ਸਫਲਤਾ ਤੇ ਵਧਾਈ ਦਿੰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।

# ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਮੂੰਹ ਤੇ ਸੁਣਾਈਆਂ ਖ਼ਰੀਆਂ-ਖ਼ਰੀਆਂ

**ਕਿਹਾ ਕਿ ਸਤਿਕਾਰਯੋਗ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਇੱਕ ਪਾਸੇ ਤੁਸੀਂ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੇ ਸੰਘਰਸ਼ੀ ਸਾਥੀ ਹੋਣ ਦਾ ਦਾਅਵਾ ਕਰਦੇ ਹੋ, ਪਰ ਦੂਜੇ ਪਾਸੇ ਉਹਨਾਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ....**





ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ): ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਪੰਥਕ ਫ਼ਰਜ਼ਾਂ ਤੋਂ ਭਗੌੜੇ ਹੋਣ ਕਾਰਨ ਹਾਲਤ ਏਨੀ ਮਾੜੀ ਹੋ ਚੁੱਕੀ ਹੈ ਕਿ ਪੰਥਕ ਆਗੂਆਂ ਅਤੇ ਸੰਗਤਾਂ ਵੱਲੋਂ ਇਹਨਾਂ ਨੂੰ ਹਰ ਮੁੱਦੇ ਉੱਤੇ ਘੇਰ ਲਿਆ ਜਾਂਦਾ ਹੈ ਤੇ ਆਪਣੇ ਆਪ ਨੂੰ ਅਕਾਲੀ ਅਖਵਾਉਂਦੇ ਇਹਨਾਂ ਆਗੂਆਂ ਨੂੰ ਕੋਈ ਜਵਾਬ ਤਕ ਨਹੀਂ ਆਉਂਦਾ। ਬੀਤੇ ਦਿਨੀਂ ਜ਼ਿਲ੍ਹਾ ਜਲੰਧਰ ਦੇ ਪਿੰਡ ਧੀਰਪੁਰ ਵਿਖੇ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਖ਼ਾਲਿਸਤਾਨ ਕਮਾਂਡੋ ਫੋਰਸ ਦੇ ਜੁਝਾਰੂ ਯੋਧੇ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੇ ਸ਼ਹੀਦੀ ਸਮਾਗਮ ਵਿੱਚ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਉਸ ਦੇ ਮੂੰਹ ਤੇ ਖਰੀਆਂ ਖਰੀਆਂ ਸੁਣਾਈਆਂ ਤੇ ਬਾਦਲ ਦਲ ਅਤੇ ਸ਼੍ਰੋਮਣੀ ਕਮੇਟੀ ਨੂੰ ਉਹਨਾਂ ਦੇ ਪੰਥ ਵਿਰੋਧੀ ਕਾਰਿਆਂ ਦਾ ਸ਼ੀਸ਼ਾ ਵਿਖਾਉਂਦਿਆਂ ਸ਼ਰਮਸਾਰ ਕੀਤਾ। ਇਸ ਸਮਾਗਮ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਵੱਖ-ਵੱਖ ਪੰਥਕ ਜਥੇਬੰਦੀਆਂ ਮਾਨ ਦਲ, ਦਲ ਖਾਲਸਾ, ਸਿੱਖ ਸਿਆਸਤ ਆਦਿ ਦੇ ਆਗੂ ਵੀ ਹਾਜ਼ਰ ਸਨ। ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਤਿਕਾਰਯੋਗ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਇੱਕ ਪਾਸੇ ਤੁਸੀਂ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੇ ਸੰਘਰਸ਼ੀ ਸਾਥੀ ਹੋਣ ਦਾ ਦਾਅਵਾ ਕਰਦੇ ਹੋ, ਪਰ ਦੂਜੇ ਪਾਸੇ ਉਹਨਾਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਉਣ ਲਈ ਤਿਆਰ ਨਹੀਂ। ਭਾਈ ਗੁਰਦੇਵ ਸਿੰਘ ਦੇਬੂ ਨੂੰ ਪੁਲਿਸ ਨੇ ਗਰਮ ਕੜਾਹੇ ਵਿੱਚ ਉਬਾਲ ਕੇ ਭਾਈ ਦਿਆਲਾ ਜੀ ਵਾਂਗ ਸ਼ਹੀਦ ਕੀਤਾ ਸੀ। ਉਹਨਾਂ ਕਿਹਾ ਕਿ ਧਾਮੀ ਸਾਬ੍ਹ ਤੁਸੀਂ ਬਾਦਲ ਪਰਿਵਾਰ ਦੇ ਚਮਚੇ ਬਣ ਚੁੱਕੇ ਹੋ ਅਤੇ ਹਰ ਕੰਮ ਲਈ ਬਾਦਲਾਂ ਦੀ ਇਜਾਜ਼ਤ ਲੈਂਦੇ ਹੋ। ਤੁਸੀਂ ਕੇਂਦਰੀ ਸਿੱਖ ਅਜਾਇਬ ਘਰ ਨੂੰ ਬਾਦਲ ਦਲ ਦਾ ਅਜਾਇਬ ਘਰ ਬਣਾ ਦਿੱਤਾ ਹੈ, ਇਸ ਨੂੰ ਸ਼ਹੀਦਾਂ ਦਾ ਅਜਾਇਬ ਘਰ ਹੀ ਰਹਿਣ ਦਿਓ। ਬਾਦਲ ਪਾਰਟੀ ਦਾ ਕੋਈ ਬੰਦਾ ਮਰ ਜਾਵੇ ਤਾਂ ਉਸ ਦੀ ਤਸਵੀਰ ਅਜਾਇਬ ਘਰ ਵਿੱਚ ਲਗਾ ਦਿੱਤੀ ਜਾਂਦੀ ਹੈ ਜਿਵੇਂ ਤੁਸੀਂ ਮੰਤਰੀ ਤੋਤਾ ਸਿੰਘ ਦੀ ਲਗਾਈ ਹੋਈ ਹੈ ਜਿਸ ਦੀ ਪੰਥ ਨੂੰ ਕੋਈ ਦੇਣ ਨਹੀਂ। ਪਰ ਦੂਜੇ ਪਾਸੇ ਜਿਨ੍ਹਾਂ ਕੌਮ ਲਈ ਕੁਰਬਾਨੀਆਂ ਅਤੇ ਸ਼ਹਾਦਤਾਂ ਦਿੱਤੀਆਂ, ਉਹਨਾਂ ਨੂੰ ਤੁਸੀਂ ਅਣਗੌਲਿਆਂ ਕਰਦੇ ਹੋ। ਸ਼ਹੀਦ ਭਾਈ ਦਿਲਾਵਰ ਸਿੰਘ ਨੇ 31 ਅਗਸਤ 1995 ਨੂੰ ਬੁੱਚੜ ਮੁੱਖ ਮੰਤਰੀ ਬੇਅੰਤ ਸਿਹੁੰ ਨੂੰ ਬੰਬ ਨਾਲ ਉਡਾ ਕੇ ਆਪਾ ਪੰਥ ਲਈ ਨਿਸ਼ਾਵਰ ਕੀਤਾ ਸੀ। ਕਾਂਗਰਸ ਦੇ ਜ਼ੁਲਮੀ ਰਾਜ ਮਗਰੋਂ ਤਿੰਨ ਵਾਰ ਅਕਾਲੀ ਦਲ ਬਾਦਲ ਦੀਆਂ ਸਰਕਾਰਾਂ ਬਣੀਆਂ, ਪਰ ਤੁਸੀਂ ਭਾਈ ਦਿਲਾਵਰ ਸਿੰਘ ਦੀ ਤਸਵੀਰ ਅਜਾਇਬ ਘਰ ਵਿੱਚ ਨਹੀਂ ਲਗਾਈ ਤੇ ਕਾਂਗਰਸ ਨਾਲ ਯਾਰੀ ਨਿਭਾਈ। ਭਾਈ ਦਿਲਾਵਰ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਵਾਉਣ ਲਈ ਪੰਥਕ ਜਥੇਬੰਦੀਆਂ ਅਤੇ ਸੰਗਤਾਂ ਨੇ ਕਈ ਵਾਰ ਤੁਹਾਨੂੰ ਮੰਗ ਪੱਤਰ ਸੌਂਪੇ, ਤੁਸੀਂ ਸੰਗਤਾਂ ਦੀਆਂ ਲਿੱਲਕੜੀਆਂ ਕਢਵਾ ਕੇ ਫਿਰ ਹੀ ਫੋਟੋ ਲਗਾਈ ਜਦੋਂ ਤੁਹਾਡੀ ਸਰਕਾਰ ਚਲੇ ਗਈ ਤੇ ਪੱਲੇ ਕੁਝ ਨਹੀਂ ਰਿਹਾ। ਜਦੋਂ ਸੰਗਤਾਂ ਨੇ ਸ਼ਹੀਦੀ ਯਾਦਗਾਰ ਬਣਾਉਣ ਦੀ ਮੰਗ ਕੀਤੀ ਸੀ ਤਾਂ ਸ਼੍ਰੋਮਣੀ ਕਮੇਟੀ ਦੇ ਤਤਕਾਲੀ ਪ੍ਰਧਾਨ ਅਵਤਾਰ ਸਿੰਘ ਮੱਕੜ ਨੇ ਸੰਗਤਾਂ ਨੂੰ ਕਾਂਗਰਸੀ ਤੱਕ ਕਹਿ ਦਿੱਤਾ ਸੀ। ਉਹਨਾਂ ਕਿਹਾ ਕਿ ਧਾਮੀ ਸਾਹਿਬ ਹਕੀਕਤ ਨੂੰ ਪਹਿਚਾਣੋ, ਬਾਦਲਾਂ ਦਾ ਹੁਕਮ ਵਜਾਉਣਾ ਛੱਡੋ, ਇਹ ਉਹ ਅਕਾਲੀ ਨਹੀਂ ਜੋ ਪੰਥ ਵਸੈ ਮੈ ਉਜੜਾਂ ਸਿਧਾਂਤ ਦੇ ਧਾਰਨੀ ਸਨ। ਸੁਖਬੀਰ ਬਾਦਲ ਤਾਂ ਕਹਿੰਦਾ ਹੈ ਕਿ ਮੈਨੂੰ ਕੁਰਸੀ ਮਿਲਣੀ ਚਾਹੀਦੀ ਹੈ, ਉਹ ਆਪਣੀ ਮੁੱਖ ਮੰਤਰੀ ਦੀ ਭੁੱਖ ਪੂਰੀ ਕਰਨੀ ਚਾਹੁੰਦਾ ਹੈ, ਪੰਥ ਭਾਵੇਂ ਢੱਠੇ ਖੂਹ ਵਿੱਚ ਪਵੇ। ਬਾਦਲ ਪਰਿਵਾਰ ਨੇ ਪੰਥ ਦੀ ਮਹਾਨ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਨੂੰ 1996 ਵਿੱਚ ਪਹਿਲਾਂ ਪੰਜਾਬੀ ਦਲ ਬਣਾਇਆ, ਫਿਰ ਇਹ ਬਾਦਲ ਦਲ ਬਣਿਆ ਤੇ 2015 ਵਿੱਚ ਇਹ ਬੇਅਦਬੀ ਦਲ ਬਣ ਚੁੱਕਾ ਹੈ। ਸ਼ਰਾਬੀ, ਕਬਾਬੀ ਗੁੰਡੇ, ਚੋਰ ਸਾਰੇ ਬਾਦਲ ਪਾਰਟੀ ਵਿੱਚ ਸ਼ਾਮਿਲ ਹਨ। ਇਹ ਇੱਕ ਸ਼ਰਾਬੀ ਦਲ ਤੇ ਭਈਆ ਦਲ ਬਣ ਚੁੱਕਾ ਹੈ। ਧਾਮੀ ਸਾਹਿਬ ਬਾਦਲ ਟੱਬਰ ਨੇ ਅਕਾਲੀ ਦਲ ਦਾ ਸੱਤਿਆਨਾਸ ਕਰ ਦਿੱਤਾ ਹੈ, ਪੰਥ ਇਹਨਾਂ ਨੂੰ ਕਦੇ ਬਖਸ਼ੇਗਾ ਨਹੀਂ। ਜੇਕਰ ਤੁਸੀਂ ਸੱਚਮੁੱਚ ਹੀ ਪੰਥ ਦਰਦੀ ਹੋ, ਬਾਦਲਾਂ ਦੇ ਕਹਿਣੇ ਉੱਤੇ ਨਹੀਂ ਚੱਲਦੇ ਤਾਂ ਅੱਜ ਦੇ ਸ਼ਹੀਦੀ ਸਮਾਗਮ ਵਿੱਚ ਐਲਾਨ ਕਰੋ ਕਿ ਸ਼ਹੀਦ ਭਾਈ ਗੁਰਦੇਵ ਸਿੰਘ ਦੇਬੂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਈ ਜਾਵੇਗੀ। ਸਮਾਗਮ ਵਿੱਚ ਸਾਰੀਆਂ ਸੰਗਤਾਂ ਨੇ ਹੱਥ ਖੜ੍ਹੇ ਕਰਕੇ ਅਤੇ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦਾ ਜੈਕਾਰਾ ਗਜਾ ਕੇ ਇਸ ਗੱਲ ਦੀ ਪੁਰਜ਼ੋਰ ਮੰਗ ਵੀ ਕੀਤੀ। ਫੈਡਰੇਸ਼ਨ ਦੇ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਨੇ ਵੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਧਾਮੀ ਨੂੰ ਚੰਗੀ ਤਰ੍ਹਾਂ ਝਾੜਿਆ। ਪਰ ਜਦੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਬੋਲਣ ਦੀ ਵਾਰੀ ਆਈ ਤਾਂ ਉਹਨਾਂ ਇਹ ਕਹਿ ਕੇ ਸਾਰ ਦਿੱਤਾ ਕਿ ਸਾਡੀਆਂ ਵੀ ਕਈ ਮਜਬੂਰੀਆਂ ਹੁੰਦੀਆਂ ਹਨ, ਸਾਨੂੰ ਵੀ ਸ਼੍ਰੋਮਣੀ ਕਮੇਟੀ ਸੰਸਥਾ ਦੇ ਨਿਯਮਾਂ ਵਿੱਚੋਂ ਲੰਘਣਾ ਪੈਂਦਾ ਹੈ, ਸਮੇਂ ਅਨੁਸਾਰ ਆਪੇ ਸਭ ਕੁਝ ਹੋ ਜਾਵੇਗਾ, ਅਸੀਂ ਤਸਵੀਰਾਂ ਵਿੱਚ ਨਾ ਉਲਝੀਏ।

# 'ਜਗਤਾਰ ਜੀ, ਜੱਥੇਦਾਰ ਤੋਂ ਆਸ ਕਰਨੀ ਬੇਕਾਰ ਹੈ...'

**ਵਿਚਾਰ ਆਪੋ-ਆਪਣੇ**

ਜਗਤਾਰ ਜੀ, ਜੱਥੇਦਾਰ ਤੋ ' ਆਸ ਕਰਨੀ ਬੇਕਾਰ ਹੈ ।ਤਖਤਾਂ ਦੇ ਮੌਜੂਦਾਂ ਜੱਥੇਦਾਰ ਅਤੇ ਇਹਨਾਂ ਰੁਤਬਿਆਂ ਉੱਪਰ ਬੀਤੇ ਵਿੱਚ ਰਹੀਆਂ ਸ਼ਖਸ਼ੀਅਤਾਂ ਦੀ ਉਹਨਾਂ ਸਾਰੇ ਗੁਨਾਹਾਂ ਵਿੱਚ ਸ਼ਮੂਲੀਅਤ ਰਹੀ ਹੈ ਜੋ ਬਾਦਲ ਪ੍ਰਵਾਰ ਅਤੇ ਅਕਾਲੀ ਦਲ ਦੇ ਲੀਡਰਾਂ ਨੇ ਬੀਤੇ ਤਿੰਨ ਦਹਾਕਿਆਂ ਵਿੱਚ ਕੀਤੇ ਸਨ ।ਇਹਨਾਂ ਅਕਾਲੀਆਂ ਨੇ ਸਤ੍ਹਾਂ ਦੀ ਬੇਕਾਬੂ ਹਵਸ਼ ਤਹਿਤ ਸਿੱਖ ਸਿਧਾਂਤਾਂ ਅਤੇ ਰਵਾਇਤਾਂ ਦਾ ਜੋ ਨੁਕਸਾਨ ਜੋ ਕੀਤਾ ਹੈ , ਸ਼ਾਇਦ ਐਨੇ ਨੁਕਸਾਨ ਤਾਂ ਦਸਵੇ ਪਾਤਸ਼ਾਹ ਵੱਲੋਂ ਕੜਾਹਿਆਂ ਵਿੱਚ ਪਾ ਕੇ ਸਾੜੇ ਮਸੰਦਾਂ ਨੇ ਵੀ ਨਹੀ ਕੀਤੇ ਸਨ ।ਜੱਥੇਦਾਰਾਂ ਦੀਆਂ ਲੱਤਾਂ ਵਿੱਚ ਐਨੀ ਜਾਨ ਕਿੱਥੇ ਕਿ ਉਹ ਇਹਨਾਂ ਗੁਨਾਹਗਾਰਾਂ ਨੂੰ ਧਾਰਮਿਕ ਸਜ਼ਾ ਲਾ ਕੇ ਤਾਅ ਉਮਰ ਇਹਨਾਂ ਦੀਆਂ ਰਾਜਸੀ ਤੇ ਸਮਾਜਿਕ ਸਰਗਰਮੀਆਂ ਉੱਪਰ ਪਾਬੰਦੀ ਲਾ ਦੇਣ ।ਸੁਖਬੀਰ ਸਮੇਤ ਪਹਿਲੀ ਕਤਾਰ ਦੇ ਸਾਰੇ ਅਕਾਲੀ ਲੀਡਰਾਂ ਨੂੰ ਲਾਂਭੇ ਕਰਨ ਬਿਨਾਂ ਦੁਨੀਆ ਦੀ ਕੋਈ ਤਾਕਤ ਅਕਾਲੀ ਦਲ ਦਾ ਪੰਥਕ ਸਰੂਪ ਬਹਾਲ ਨਹੀ ਕਰ ਸਕਦੀ ਹੈ ।ਅਕਾਲੀ ਆਗੂਆਂ ਦੇ ਜਿਹਨਾਂ ਗੁਨਾਹਾਂ ਦੀ ਲੋਕਾਂ ਵਿੱਚ ਚਰਚਾ ਹੋ ਰਹੀ ਹੈ ,ਤੁਸੀ ਤੇ ਮੇਰੇ ਵਰਗੇ ਲੋਕ ਜਾਣਦੇ ਹਨ ਕਿ ਉਹਨਾਂ ਦੇ ਗੁਨਾਹ ਇਸ ਤੋਂ ਵੀ ਬਹੁਤ ਵੱਡੇ ਹਨ ।ਇਕ ਵਾਰ 1993-94 ਵਿੱਚ ਮੈਂ ਜਲੰਧਰ ਲੋਕ ਸਭਾ ਦੀ ਜ਼ਿਮਨੀ ਚੋਣ ਮੌਕੇ ਇੰਟਰਨੈਸ਼ਨਲ ਹੋਟਲ ਵਿੱਚ ਪ੍ਰਕਾਸ਼ ਬਾਦਲ ਨੂੰ ਨਾਲ ਉਹਨਾਂ ਨਾਲ ਮਿਲਣੀ ਦੌਰਾਨ ਉਹਨਾਂ ਨੂੰ ਕਿਹਾ ਸੀ ਕਿ " ਬਾਦਲ ਸਾਹਿਬ ਤੁਹਾਡੇ ਇਰਾਦਿਆਂ ਨੂੰ ਸਮਝਦੇ ਹੋਏ ਮੈਨੂੰ ਇਹ ਤਾਂ ਪ੍ਰਤੀਤ ਹੋ ਰਿਹਾ ਕਿ ਤਸੀ ਹੋਰ ਦੋ-ਤਿੰਨ ਵਾਰ ਪੰਜਾਬ ਦੇ ਮੁੱਖ ਮੰਤਰੀ ਬਣ ਜਾਵੋ ,ਪਰ ਮੇਰਾ ਦਾਅਵਾ ਕਿ ਨਿਰਨਾਇਕ ਇਤਹਾਸ ਤੁਹਾਨੂੰ ਸਿੱਖਾਂ ਦਾ ਅਜਿਹਾ ਗਦਾਰ ਸਾਬਤ ਕਰੇਗਾ ,ਜਿਸ ਦੀ ਮਿਸਾਲ ਸ਼ਾਇਦ ਇਸ ਤੋਂ ਪਹਿਲਾਂ ਦੇ ਇਤਹਾਸ ਵਿੱਚ ਵੀ ਨਹੀ ਹੋਵੇਗੀ " । ਅਜਿਹਾ ਕਹਿੰਦੇ ਹੋਏ ਮੈਂ ਉਹਨਾਂ ਨੂੰ ਇਹ ਵੀ ਕਿਹਾ ਸੀ ਕਿ ਤੁਸੀ ਮੈਨੂੰ ਹਮੇਸ਼ਾ ਆਪਣਾ ਅੰਨ੍ਹਾ ਵਿਰੋਧੀ ਸਮਝਿਆ ,ਪਰ ਅੱਜ ਮੈਂ ਤੁਹਾਨੂੰ ਇਕ ਮਿੱਤਰ ਵਜੋਂ ਚਿਤਾਵਨੀ ਦੇ ਰਿਹਾ ਕਿ ਜੇ ਰਾਜਸੀ ਤਾਕਤ ਦੇ ਬਲਬੂਤੇ ਕੁੱਝ ਅਜਿਹਾ ਕਰ ਜਾਇਓ ਕਿ ਤੁਸੀਂ ਇਤਿਹਾਸ ਦੇ ਕਹਿਰ ਤੋਂ ਬਚ ਸਕੇ ।ਪਰ ਨਾਲ ਹੀ ਇਹ ਵੀ ਕਿਹਾ ਸੀ ਕਿ ਮੈਨੂੰ ਨਹੀ ਜਾਪਦਾ ਤੁਸੀ ਅਜਿਹਾ ਕੁੱਝ ਕਰ ਪਾਵੋਂਗੇ ।ਸੁਖਬੀਰ ਸਮੇਤ ਦੂਜੇ ਅਕਾਲੀ ਆਗੂ ਵੀ ਮੈਨੂੰ ਵੱਡੇ ਬਾਦਲ ਵਾਂਗ ਉਸ ਇਤਿਹਾਸਕ ਕਲੰਕ ਤੋਂ ਮੁਕਤ ਹੁੰਦੇ ਹੁੰਦੇ ਪ੍ਰਤੀਤ ਨਹੀ ਹੋ ਰਹੇ ।ਉਸ ਦਾ ਵੱਡਾ ਕਾਰਨ ਇਹ ਮੁਆਫ਼ੀਆਂ ਦੇ ਡਰਾਮੇ ਵੀ ਨਿੱਜੀ ਸਿਆਸਤ ਦੇ ਲੋਭ ਵਜੋਂ ਕੀਤੇ ਜਾ ਰਹੇ ਹਨ ।

ਵੱਲੋਂ - ਅਮਰੀਕ ਸਿੰਘ ਮੁਕਤਸਰ

**ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਬਲਾਕ ਭੂੰਗਾ ਇੱਕ ਅਤੇ ਦੋ ਦੀਆਂ ਕਮੇਟੀਆਂ ਦਾ ਹੋਇਆ ਗਠਨ**

# ਅਧਿਆਪਕਾਂ ਦੇ ਹਰ ਕਾਡਰ ਦੀਆਂ ਹੱਕੀ ਮੰਗਾਂ ਲਈ ਹਰ ਸੰਭਵ ਸੰਘਰਸ਼ ਕੀਤਾ ਜਾਵੇਗਾ: ਚੌਟਾਲਾ




ਹੁਸ਼ਿਆਰਪੁਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਨਵ ਗਠਿਤ ਸਤਾਰਵੀਂ ਜਨਰਲ ਕੌਂਸਲ ਅਧੀਨ ਜਿੱਥੇ ਪਹਿਲਾਂ ਸਟੇਟ ਅਤੇ ਜਿਲਾ ਪਧਰੀ ਇਕਾਈਆਂ ਦਾ ਜਥੇਬੰਦੀ ਵੱਲੋਂ ਗਠਨ ਕੀਤਾ ਗਿਆ ਹੈ ਉੱਥੇ ਜਿਲਾ ਹੁਸ਼ਿਆਰਪੁਰ ਦੇ ਵੱਖ ਵੱਖ ਬਲਾਕਾਂ ਦੀਆਂ ਇਕਾਈਆਂ ਦਾ ਵੀ ਗਠਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਜਿਲੇ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜੁਆਇੰਟ ਸਕੱਤਰ ਪ੍ਰਿੰਸਗੜ੍ਹ ਦੀਵਾਲਾ ਨੇ ਸਾਂਝੇ ਰੂਪ ਵਿੱਚ ਦੱਸਿਆ ਕਿ ਅੱਜ ਬਲਾਕ ਭੂੰਗਾ ਇੱਕ ਦੇ ਪ੍ਰਧਾਨ ਸਰਬਜੀਤ ਸਿੰਘ ਅਤੇ ਭੂੰਗਾ ਦੋ ਦੇ ਪ੍ਰਧਾਨ ਸਚਿਨ ਕੁਮਾਰ ਦੀ ਅਗਵਾਈ ਵਿੱਚ ਦੋਨੋਂ ਬਲਾਕਾਂ ਦੀਆਂ ਬਲਾਕ ਕਮੇਟੀਆਂ ਦਾ ਗਠਨ ਕੀਤਾ ਗਿਆ। ਇਹਨਾਂ ਆਗੂਆਂ ਨੇ ਕਿਹਾ ਕਿ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਅਧਿਆਪਕਾਂ ਦੇ ਹਰ ਕਾਡਰ ਦੀਆਂ ਹੱਕੀ ਮੰਗਾਂ ਲਈ ਹਰ ਸੰਭਵ ਸੰਘਰਸ਼ ਕਰਦੀ ਆਈ ਹੈ ਅਤੇ ਭਵਿੱਖ ਵਿੱਚ ਵੀ ਇਹ ਸੰਘਰਸ਼ ਜਾਰੀ ਰਹਿਣਗੇ। ਜਥੇਬੰਦੀ ਦੇ ਜਿਲ੍ਹਾ ਜਥੇਬੰਦਕ ਸਕੱਤਰ ਲੈਕਚਰਾਰ ਹਰਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਬਲਾਕ ਭੂੰਗਾ ਇੱਕ ਦੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਗੜ੍ਹਦੀਵਾਲਾ ,ਜਨਰਲ ਸਕੱਤਰ ਮੁਕੇਸ਼ ਕੁਮਾਰ ਕੰਗਮਾਈ, ਵਿੱਤ ਸਕੱਤਰ ਲਖਵੀਰ ਸਿੰਘ ਪੀਟੀਆਈ ਅਧਿਆਪਕ ਅਤੇ ਪ੍ਰੈਸ ਸਕੱਤਰ ਰਕੇਸ਼ ਕੁਮਾਰ ਠਾਕੁਰ ਨੂੰ ਚੁਣਿਆ ਗਿਆ। ਇਸੇ ਤਰ੍ਹਾਂ ਬਲਾਕ ਭੂੰਗਾ ਦੋ ਦੇ ਸੀਨੀਅਰ ਮੀਤ ਪ੍ਰਧਾਨ ਰਾਜੀਵ ਕੁਮਾਰ ਹਰਿਆਣਾ, ਜਨਰਲ ਸਕੱਤਰ ਸੁਸ਼ੀਲ ਕੁਮਾਰ ਪਠਾਣੀਆਂ,ਵਿਤੱ ਸਕੱਤਰ ਗੁਰਵਿੰਦਰ ਸਿੰਘ ਲਾਲਪੁਰ ਅਤੇ ਪ੍ਰੈਸ ਸਕੱਤਰ ਯਸ਼ਪਾਲ ਢੱਕੀ ਅਤੇ ਰੋਹਿਤ ਕੁਮਾਰ ਪੰਡੋਰੀ ਅਟਵਾਲ ਨੂੰ ਚੁਣਿਆ ਗਿਆ।